SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 186 | Wednesday, October 04, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

# ਭਾਰਤ ਨੇ ਕੈਨੇਡਾ ਨੂੰ ਆਪਣੇ 41 ਡਿਪਲੋਮੈਟਸ ਵਾਪਿਸ ਸੱਦਣ ਲਈ ਕਿਹਾ



ਓਟਵਾ, 3 ਅਕਤੂਬਰ (ਪੋਸਟ ਬਿਊਰੋ) : ਮੰਗਲਵਾਰ ਨੂੰ ਫਾਇਨਾਂਸ਼ੀਅਲ ਟਾਈਮਜ਼ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ ਭਾਰਤ ਨੇ ਕੈਨੇਡਾ ਨੂੰ 10 ਅਕਤੂਬਰ ਤੱਕ ਆਪਣੇ 41 ਡਿਪਲੋਮੈਟਸ ਨੂੰ ਵਾਪਿਸ ਸੱਦਣ ਲਈ ਆਖਿਆ ਹੈ।

ਜ਼ਿਕਰਯੋਗ ਹੈ ਕਿ ਜੂਨ ਵਿੱਚ ਸਿੱਖ ਵੱਖਵਾਦੀ ਆਗੂ ਤੇ ਕੈਨੇਡੀਅਨ ਨਾਗਰਿਕ ਹਰਦੀਪ ਸਿੰਘ ਨਿੱਝਰ, ਜਿਸ ਨੂੰ ਭਾਰਤ ਨੇ ਇੰਤਿਹਾਪਸੰਦ ਦਾ ਦਰਜਾ ਦਿੱਤਾ ਹੋਇਆ ਸੀ, ਦੇ ਕਤਲ ਵਿੱਚ ਕੈਨੇਡਾ ਵੱਲੋਂ ਭਾਰਤ ਸਰਕਾਰ ਦੇ ਏਜੰਟਾਂ ਦਾ ਹੱਥ ਹੋਣ ਦਾ ਸ਼ੱਕ ਪ੍ਰਗਟਾਏ ਜਾਣ ਤੋਂ ਬਾਅਦ ਤੋਂ ਹੀ ਦੋਵਾਂ ਦੇਸ਼ਾਂ ਦਰਮਿਆਨ ਰਿਸ਼ਤੇ ਵਿਗੜਨੇ ਸ਼ੁਰੂ ਹੋ ਗਏ ਸਨ। ਭਾਰਤ ਵੱਲੋਂ ਇਨ੍ਹਾਂ ਦੋਸ਼ਾਂ ਨੂੰ ਬੇਤੁਕਾ ਦੱਸ ਕੇ ਇਨ੍ਹਾਂ ਤੋਂ ਇਨਕਾਰ ਕੀਤਾ ਜਾ ਰਿਹਾ ਹੈ।

ਭਾਰਤ ਦੀ ਇਸ ਨਵੀਂ ਮੰਗ ਤੋਂ ਜਾਣੂ ਲੋਕਾਂ ਦਾ ਹਵਾਲਾ ਦੇ ਕੇ ਫਾਇਨਾਂਸ਼ੀਅਲ ਟਾਈਮਜ਼ ਨੇ ਆਖਿਆ ਕਿ ਭਾਰਤ ਨੇ 10 ਅਕਤੂਬਰ ਤੋਂ ਬਾਅਦ ਵੀ ਉੱਥੇ ਰਹਿ ਜਾਣ ਵਾਲੇ ਡਿਪਲੋਮੈਟਸ ਦੀ ਡਿਪਲੋਮੈਟਿਕ ਇਮਿਊਨਿਟੀ ਨੂੰ ਖਾਰਜ ਕਰਨ ਦੀ ਧਮਕੀ ਦਿੱਤੀ ਹੈ। ਇੱਥੇ ਦੱਸਣਾ ਬਣਦਾ ਹੈ ਕਿ ਕੈਨੇਡਾ ਦੇ ਭਾਰਤ ਵਿੱਚ 62 ਡਿਪਲੋਮੈਟਸ ਹਨ ਤੇ ਭਾਰਤ ਨੇ ਆਖਿਆ ਹੈ ਕਿ ਇਨ੍ਹਾਂ ਵਿੱਚੋਂ ਕੈਨੇਡਾ 41 ਨੂੰ ਵਾਪਿਸ ਸੱਦ ਲਵੇ।

ਇਸ ਮਾਮਲੇ ਦੀ ਪੁਸ਼ਟੀ ਲਈ ਭਾਰਤੀ ਤੇ ਕੈਨੇਡੀਅਨ ਵਿਦੇਸ਼ ਮੰਤਰਾਲਿਆਂ ਕੋਲੋਂ ਜਦੋਂ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਦੋਵਾਂ ਵੱਲੋਂ ਹਾਲ ਦੀ ਘੜੀ ਟਿੱਪਣੀ ਨਹੀਂ ਕੀਤੀ ਗਈ ਹੈ।

# ਪੀਅਰਸਨ ਏਅਰਪੋਰਟ ਨੇੜੇ ਹੋਏ ਹਾਦਸੇ ਵਿੱਚ ਇੱਕ ਹਲਾਕ



ਓਨਟਾਰੀਓ, 3 ਅਕਤੂਬਰ (ਪੋਸਟ ਬਿਊਰੋ) : ਪੀਅਰਸਨ ਏਅਰਪੋਰਟ ਦੇ ਨੇੜੇ ਹੋਏ ਇੱਕ ਗੰਭੀਰ ਹਾਦਸੇ ਵਿੱਚ ਮੰਗਲਵਾਰ ਸਵੇਰੇ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਹਾਈਵੇਅ 401 ਦੇ ਹਾਦਸੇ ਵਾਲੇ ਹਿੱਸੇ ਨੂੰ ਬੰਦ ਕਰ ਦਿੱਤਾ ਗਿਆ।

ਹਾਈਵੇਅ 427 ਦੇ ਪੱਛਮ ਵੱਲ ਹਾਈਵੇਅ ਦੀਆਂ ਪੱਛਮ ਵੱਲ ਜਾਂਦੀਆਂ ਕੋਲੈਕਟਰ ਲੇਨਜ਼ ਉੱਤੇ ਦੋ ਗੱਡੀਆਂ ਵਿਚਾਲੇ ਇਹ ਹਾਦਸਾ ਹੋਇਆ। ਇੱਕ ਵਿਅਕਤੀ ਨੂੰ ਬਿਨਾਂ ਸਾਹ ਸਤ ਦੇ ਹਸਪਤਾਲ ਲਿਜਾਇਆ ਗਿਆ। ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਵੱਲੋਂ ਪੁਸ਼ਟੀ ਕੀਤੀ ਗਈ ਹੈ ਕਿ ਟੋਰਾਂਟੋ ਦੇ 64 ਸਾਲਾ ਵਿਅਕਤੀ ਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਨੇ ਦੱਸਿਆ ਕਿ ਇਸ ਹਾਦਸੇ ਲਈ ਮੈਡੀਕਲ ਸਮੱਸਿਆ ਜ਼ਿੰਮੇਵਾਰ ਹੋ ਸਕਦੀ ਹੈ। ਕਿਸੇ ਹੋਰ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਮਾਮਲੇ ਦੀ ਜਾਂਚ ਲਈ ਲੇਨਜ਼ ਨੂੰ ਬੰਦ ਰੱਖਿਆ ਗਿਆ ਹੈ।

# ਗ੍ਰੈੱਗ ਫਰਗਸ ਬਣੇ ਹਾਊਸ ਆਫ ਕਾਮਨਜ਼ ਦੇ ਨਵੇਂ ਸਪੀਕਰ



ਓਟਵਾ, 3 ਅਕਤੂਬਰ (ਪੋਸਟ ਬਿਊਰੋ) : ਮੱਧ ਸੈਸ਼ਨ ਹੋਈ ਇਤਿਹਾਸਕ ਵੋਟਿੰਗ ਵਿੱਚ ਲਿਬਰਲ ਐਮਪੀ ਗ੍ਰੈੱਗ ਫਰਗਸ ਨੂੰ ਹਾਊਸ ਆਫ ਕਾਮਨਜ਼ ਦਾ ਸਪੀਕਰ ਚੁਣ ਲਿਆ ਗਿਆ ਹੈ। ਕੈਨੇਡਾ ਦੀ ਪਾਰਲੀਆਮੈਂਟ ਵਿੱਚ ਇਹ ਅਹੁਦਾ ਸਾਂਭਣ ਵਾਲੇ ਉਹ ਪਹਿਲੇ ਬਲੈਕ ਸ਼ਖ਼ਸ ਬਣ ਗਏ ਹਨ। 2015 ਵਿੱਚ 54 ਸਾਲਾ ਫਰਗਸ ਪਹਿਲੀ ਵਾਰੀ ਕਿਊਬਿਕ ਦੇ ਹਲਕੇ ਹੱਲ-ਏਲਮਰ ਦੀ ਨੁਮਾਇੰਦਗੀ ਲਈ ਚੁਣੇ ਗਏ। ਸਪੀਕਰ ਦੀ ਚੋਣ ਕਰਨ ਲਈ ਪਾਰਲੀਆਮੈਂਟ ਵਿੱਚ ਕਰਵਾਈ ਗਈ ਵੋਟਿੰਗ ਵਿੱਚ ਫਰਗਸ ਜੇਤੂ ਰਹੇ ਤੇ ਸਾਰਿਆਂ ਨੇ ਉਨ੍ਹਾਂ ਨੂੰ ਸਟੈਂਡਿੰਗ ਓਵੇਸ਼ਨ ਦਿੱਤੀ। ਲਿਬਰਲ, ਐਨਡੀਪੀ ਤੇ ਬਲਾਕ ਕਿਊਬਿਕੁਆ ਦੇ ਕਾਕਸ ਮੈਂਬਰਾਂ ਵੱਲੋਂ ਫਰਗਸ ਨਾਲ ਹੱਥ ਮਿਲਾ ਕੇ ਤੇ ਜੱਫੀਆਂ ਪਾ ਕੇ ਵਧਾਈਆਂ ਦਿੱਤੀਆਂ ਗਈਆਂ। ਕੁੱਝ ਕੁ ਕੰਜ਼ਰਵੇਟਿਵ ਐਮਪੀਜ਼ ਨੇ ਵੀ ਫਰਗਸ ਨੂੰ ਵਧਾਈਆਂ ਦਿੱਤੀਆਂ।

ਚੇਅਰ ਤੋਂ ਆਪਣਾ ਪਹਿਲਾ ਭਾਸ਼ਣ ਦਿੰਦਿਆਂ ਫਰਗਸ ਨੇ ਆਖਿਆ ਕਿ ਸਪੀਕਰ ਦਾ ਕੰਮ ਰੈਫਰੀ ਤੋਂ ਜ਼ਿਆਦਾ ਕੁੱਝ ਨਹੀਂ ਹੁੰਦਾ। ਹਾਕੀ ਵਿੱਚੋਂ ਇਹ ਮਿਸਾਲ ਦਿੰਦਿਆਂ ਉਨ੍ਹਾਂ ਆਖਿਆ ਕਿ ਕੋਈ ਵੀ ਰੈਫਰੀ ਨੂੰ ਵੇਖਣ ਜਾਣ ਲਈ ਪੈਸੇ ਨਹੀਂ ਖਰਚਦਾ ਸਾਰੇ ਸਿਤਾਰਿਆ, ਜੋ ਕਿ ਤੁਸੀਂ ਹੋਂ, ਨੂੰ ਵੇਖਣ ਲਈ ਪੈਸੇ ਖਰਚਦੇ ਹਨ। ਫਰਗਸ ਨੇ ਇਹ ਵੀ ਆਖਿਆ ਕਿ ਉਹ ਇਸ ਗੱਲ ਦਾ ਖਿਆਲ ਰੱਖਣਗੇ ਕਿ ਪਾਰਲੀਆਮੈਂਟ ਵਿੱਚ ਭਖਵੀਂ ਬਹਿਸ ਦੌਰਾਨ ਵੀ ਡੈਕੋਰਮ ਮੇਨਟੇਨ ਰੱਖਿਆ ਜਾਵੇ। ਉਨ੍ਹਾਂ ਆਖਿਆ ਕਿ ਇਸ ਲਈ ਸਾਰਿਆਂ ਦੀ ਮਦਦ ਦੀ ਲੋੜ ਹੋਵੇਗੀ।

ਉਨ੍ਹਾਂ ਅੱਗੇ ਆਖਿਆ ਕਿ ਉਹ ਡੈਕੋਰਮ ਮੇਨਟੇਨ ਕਰਨ ਵਿੱਚ ਕਿਸ ਤਰ੍ਹਾਂ ਹੋਰ ਸੁਧਾਰ ਲਿਆਂਦਾ ਜਾ ਸਕੇ ਇਸ ਬਾਰੇ ਮੰਗਲਵਾਰ ਨੂੰ ਡਿਪਟੀ ਸਪੀਕਰਜ਼ ਨਾਲ ਗੱਲ ਕਰਨਗੇ। ਰਵਾਇਤ ਮੁਤਾਬਕ ਨਵੇਂ ਸਪੀਕਰ ਨੂੰ ਪ੍ਰਧਾਨ ਮੰਤਰੀ ਤੇ ਵਿਰੋਧੀ ਧਿਰ ਦੇ ਆਗੂ ਵੱਲੋਂ ਖਿੱਚ ਕੇ ਚੇਅਰ ਤੱਕ ਲਿਆਂਦਾ ਜਾਂਦਾ ਹੈ ਤੇ ਅਜਿਹਾ ਹੀ ਹੋਇਆ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਫਰਗਸ ਨੂੰ ਵਧਾਈਆਂ ਦੇਣ ਲਈ ਭਾਸ਼ਣ ਵੀ ਦਿੱਤੇ।

# ਮੌਰਗਨ ਸਟੇਟ ਯੂਨੀਵਰਸਿਟੀ 'ਚ ਇੱਕ ਸਿਰਫਿਰੇ ਨੇ ਕਈ ਲੋਕਾਂ ਉੱਤੇ ਚਲਾਈਆਂ ਗੋਲੀਆਂ



ਵਾਸ਼ਿੰਗਟਨ, 3 ਅਕਤੂਬਰ (ਪੋਸਟ ਬਿਊਰੋ) : ਮੰਗਲਵਾਰ ਨੂੰ ਬਾਲਟੀਮੋਰ ਵਿੱਚ ਮੌਰਗਨ ਸਟੇਟ ਯੂਨੀਵਰਸਿਟੀ ਵਿੱਚ ਇੱਕ ਸਿਰਫਿਰੇ ਸ਼ੂਟਰ ਵੱਲੋਂ ਕਈ ਲੋਕਾਂ ਨੂੰ ਗੋਲੀ ਮਾਰੀ ਗਈ।

ਬਾਲਟੀਮੋਰ ਪੁਲਿਸ ਡਿਪਾਰਟਮੈਂਟ ਦੇ ਅਧਿਕਾਰੀਆਂ ਨੇ ਦੱਸਿਆ ਕਿ ਸ਼ੂਟਰ ਅਜੇ ਵੀ ਕੈਂਪਸ ਵਿੱਚ ਹੀ ਹੈ ਤੇ ਪੁਲਿਸ ਵੀ ਮੌਕੇ ਉੱਤੇ ਪਹੁੰਚ ਚੁੱਕੀ ਹੈ। ਇਸ ਨੂੰ ਬਲੈਕ ਯੂਨੀਵਰਸਿਟੀ ਵਜੋਂ ਵੀ ਜਾਣਿਆ ਜਾਂਦਾ ਹੈ। ਜਿੱਥੇ ਸ਼ੂਟਿੰਗ ਹੋਈ ਉਹ ਇੱਕ ਰਿਹਾਇਸ਼ੀ ਬਿਲਡਿੰਗ ਦੱਸੀ ਜਾ ਰਹੀ ਹੈ। ਪੁਲਿਸ ਨੇ ਐਕਸ (ਜਿਸ ਨੂੰ ਪਹਿਲਾਂ ਟਵਿੱਟਰ ਆਖਿਆ ਜਾਂਦਾ ਸੀ) ਉੱਤੇ ਦੱਸਿਆ ਕਿ ਸਾਰਿਆਂ ਨੂੰ ਇਸ ਇਲਾਕੇ ਤੋਂ ਦੂਰ ਰਹਿਣ ਤੇ ਸੁਰੱਖਿਅਤ ਥਾਂ ਉੱਤੇ ਜਾਣ ਲਈ ਆਖਿਆ ਜਾ ਰਿਹਾ ਹੈ।

ਪੁਲਿਸ ਦੇ ਬੁਲਾਰੇ ਵਰਨਣ ਡੇਵਿਸ ਨੇ ਬਾਲਟੀਮੋਰ ਬੈਨਰ ਨੂੰ ਦੱਸਿਆ ਕਿ ਘੱਟੋ ਘੱਟ ਚਾਰ ਲੋਕਾਂ ਨੂੰ ਗੋਲੀ ਲੱਗੀ ਹੈ। ਉਨ੍ਹਾਂ ਦੀ ਸਥਿਤੀ ਕਿਹੋ ਜਿਹੀ ਹੈ ਇਸ ਬਾਰੇ ਅਜੇ ਤੱਕ ਕੁੱਝ ਪਤਾ ਨਹੀਂ ਲੱਗ ਸਕਿਆ। ਪੁਲਿਸ ਦੀ ਤਰਜ਼ਮਾਨ ਅਮਾਂਡਾ ਕ੍ਰੌਟਕੀ ਨੇ ਆਖਿਆ ਕਿ ਕਈ ਵਿਅਕਤੀਆਂ ਨੂੰ ਗੋਲੀ ਮਾਰੀ ਗਈ ਹੈ।

# ਚਾਰ ਗੱਡੀਆਂ ਦੀ ਟੱਕਰ ਵਿੱਚ ਇੱਕ ਜ਼ਖ਼ਮੀ

ਨੌਰਥ ਯੌਰਕ, 3 ਅਕਤੂਬਰ (ਪੋਸਟ ਬਿਊਰੋ) : ਮੰਗਲਵਾਰ ਦੁਪਹਿਰ ਨੂੰ ਨੌਰਥ ਯੌਰਕ ਵਿੱਚ ਚਾਰ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਨੌਰਥ ਯੌਰਕ ਵਿੱਚ ਬੇਅਵਿਊ ਤੇ ਸਟੀਲਜ਼ ਈਸਟ ਐਵਨਿਊ ਇਲਾਕੇ ਵਿੱਚ ਪੁਲਿਸ ਨੂੰ ਦੁਪਹਿਰੇ 4:49 ਉਤੇ ਚਾਰ ਗੱਡੀਆਂ ਦੇ ਆਪਸ ਵਿੱਚ ਟਕਰਾਉਣ ਦੀ ਖਬਰ ਮਿਲੀ। ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ। ਇੱਕ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਪੁਲਿਸ ਨੇ ਟਰੈਫਿਕ ਵਿੱਚ ਦੇਰ ਹੋਣ ਤੇ ਜੇ ਸੰਭਵ ਹੋ ਸਕੇ ਤਾਂ ਡਰਾਈਵਰਾਂ ਨੂੰ ਕੋਈ ਬਦਲਵਾਂ ਰੂਟ ਲੈਣ ਦੀ ਸਲਾਹ ਦਿੱਤੀ ਹੈ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
416 938 4598

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਦਦਾਰੀ ਅਤੇ ਹੋਰ ਕਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance
ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਦਾਅਵਾ ਜਿੱਡਾ ਵੀ ਮਾਨ ਭਗਵੰਤ ਕਰਦਾ,
ਦੇਂਦੇ ਈ ਆਗੂ ਵਿਰੋਧੀ ਫਿਰ ਕੱਟ ਬੇਲੀ।
ਉਹ ਵੀ ਗੱਲ ਨਹੀਂ ਭੋਇੰ'ਤੇ ਪੈਣ ਦਿੰਦਾ,
ਮਾਰਦਾ ਪਹਿਲਾਂ ਤੋਂ ਭਾਰੀ ਆ ਸੱਟ ਬੇਲੀ।
ਰਾਜਨੀਤੀ ਦੀਆਂ ਮਾਹਰ ਆ ਧਿਰਾਂ ਦੋਵੇਂ,
ਕੋਈ ਵੀ ਦਿੱਸੀ ਨਾ ਕਿਸੇ ਤੋਂ ਘੱਟ ਬੇਲੀ।
ਬਾਜ਼ੀ ਮਾਰ ਬਿਆਨਾਂ ਵਿੱਚ ਗਿਆ ਜਿਹੜਾ,
ਆਖਰੀ ਖੱਟੀ ਉਹ ਜਾਊ ਫਿਰ ਖੱਟ ਬੇਲੀ।
ਚੜ੍ਹਦੇ ਸਾਲ ਵਿੱਚ ਚੜ੍ਹੀਆ ਚੋਣ ਆਉਂਦੀ,
ਤਾਂਹੀਂ ਹੋਇਆ ਮੈਦਾਨ ਪਿਆ ਗਰਮ ਬੇਲੀ।
ਸਭ ਸਤਿਕਾਰ ਜਦ ਦਾਅ 'ਤੇ ਪਿਆ ਲੱਗਾ,
ਸਿਆਸਤ ਆਖਦੀ ਰਹੋ ਨਹੀਂ ਨਰਮ ਬੇਲੀ।

**ਤੀਸ ਮਾਰ ਖਾਂ**

# ਜਾਂਚ ਦੌਰਾਨ ਪੁਲਿਸ ਨੂੰ ਮਿਲੀਆਂ ਚੋਰੀ ਦੀਆਂ 25 ਗੱਡੀਆਂ, 2 ਗ੍ਰਿਫਤਾਰ

ਟੋਰਾਂਟੋ, 3 ਅਕਤੂਬਰ (ਪੋਸਟ ਬਿਊਰੋ) : ਟੋਰਾਂਟੋ ਏਰੀਆ ਵਿੱਚੋਂ ਚੋਰੀ ਕੀਤੀਆਂ ਗਈਆਂ 25 ਗੱਡੀਆਂ ਪੁਲਿਸ ਨੇ ਰਿਕਵਰ ਕਰ ਲਈਆਂ ਹਨ। ਗੱਡੀਆਂ ਚੋਰੀ ਕਰਨ ਦੇ ਮਾਮਲੇ ਦੀ ਜਾਂਚ ਮਗਰੋਂ ਕਿਊਬਿਕ ਦੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ।

ਮੰਗਲਵਾਰ ਨੂੰ ਜਾਰੀ ਰਲੀਜ਼ ਵਿੱਚ ਹਾਲਟਨ ਪੁਲਿਸ ਨੇ ਆਖਿਆ ਕਿ ਸਤੰਬਰ ਦੇ ਸ਼ੁਰੂ ਵਿੱਚ ਪੁਲਿਸ ਅਧਿਕਾਰੀਆਂ ਨੇ ਇੱਕ ਮਸ਼ਕੂਕ ਦੀ ਸ਼ਨਾਖ਼ਤ ਕੀਤੀ ਜਿਸ ਉਤੇ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਕਈ ਗੱਡੀਆਂ ਚੋਰੀ ਕਰਨ ਦਾ ਸ਼ੱਕ ਸੀ। ਸਰਚ ਵਾਰੰਟ ਕਢਵਾ ਕੇ ਜਦੋਂ ਪੁਲਿਸ ਨੇ ਤਲਾਸ਼ੀ ਲਈ ਤਾਂ ਉਨ੍ਹਾਂ ਨੂੰ ਦੋ ਪਤਿਆਂ ਉੱਤੇ ਚੋਰੀ ਦੀਆਂ ਕਈ ਗੱਡੀਆਂ ਮਿਲੀਆਂ। ਇਨ੍ਹਾਂ ਵਿੱਚੋਂ ਇੱਕ ਆਰੇਂਜਵਿੱਲ ਦੀ ਕਮਰਸ਼ੀਅਲ ਪ੍ਰਾਪਰਟੀ ਸੀ ਤੇ ਦੂਜਾ ਟੋਰਾਂਟੋ ਵਿੱਚ ਇੰਡਸਟਰੀਅਲ ਗੋਦਾਮ ਸੀ।




21 ਸਤੰਬਰ ਨੂੰ ਪੁਲਿਸ ਅਧਿਕਾਰੀਆਂ ਨੇ ਓਕਵਿੱਲ ਵਿੱਚ ਇੱਕ ਰਿਹਾਇਸ਼ੀ ਪ੍ਰਾਪਰਟੀ ਦਾ ਤੀਜਾ ਸਰਚ ਵਾਰੰਟ ਕਢਵਾਇਆ, ਜਿੱਥੋਂ ਉਨ੍ਹਾਂ ਨੂੰ ਦੋ ਮਸ਼ਕੂਕ ਮਿਲੇ। ਪੁਲਿਸ ਨੇ ਦੋ ਹੋਰਨਾਂ ਮਸ਼ਕੂਕਾਂ ਦੇ ਗ੍ਰਿਫਤਾਰੀ ਲਈ ਵੀ ਵਾਰੰਟ ਜਾਰੀ ਕੀਤੇ ਹਨ। ਚੋਰੀ ਦੇ ਕਈ ਮਾਮਲਿਆਂ ਵਿੱਚ ਕਿਊਬਿਕ ਦੇ 20 ਸਾਲਾ ਅਲੀ ਕਿਰਿਸਿਕਗੋਲੂ ਤੇ ਕਿਊਬਿਕ ਦੇ ਹੀ 26 ਸਾਲਾ ਨਿਕਲਸ ਸੇਂਟ-ਜੀਨ-ਲੈਮਥ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ। ਜਾਂਚ ਦੌਰਾਨ ਪੁਲਿਸ ਨੂੰ ਚੋਰੀ ਦੀਆਂ ਕੁੱਲ 25 ਗੱਡੀਆਂ ਮਿਲੀਆਂ।

# ਅਮਰੀਕਾ ਦੇ ਸੰਸਦ ਮੈਂਬਰ ਡੱਗ ਲਾਰਸਨ, ਉਨ੍ਹਾਂ ਦੀ ਪਤਨੀ ਅਤੇ ਦੋ ਬੱਚਿਆਂ ਦੀ ਜਹਾਜ਼ ਹਾਦਸੇ ਵਿਚ ਮੌਤ

ਨਿਊਯਾਰਕ, 3 ਅਕਤੂਬਰ (ਪੋਸਟ ਬਿਊਰੋ): ਅਮਰੀਕਾ ਦੇ ਉੱਤਰੀ ਡਕੋਟਾ ਰਾਜ ਤੋਂ ਰਿਪਬਲਿਕਨ ਪਾਰਟੀ ਦੇ ਸੰਸਦ ਮੈਂਬਰ ਡੱਗ ਲਾਰਸਨ, ਉਨ੍ਹਾਂ ਦੀ ਪਤਨੀ ਅਤੇ ਦੋ ਬੱਚਿਆਂ ਦੀ ਜਹਾਜ਼ ਹਾਦਸੇ ਵਿੱਚ ਮੌਤ ਹੋ ਗਈ। ਰਿਪਬਲਿਕਨ ਪਾਰਟੀ ਦੇ ਇਕ ਸੰਸਦ ਮੈਂਬਰ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਸੈਨੇਟ ਦੇ ਰਿਪਬਲਿਕਨ ਨੇਤਾ ਡੇਵਿਡ ਹੌਗ ਨੇ ਸੋਮਵਾਰ ਨੂੰ ਆਪਣੇ ਸਾਥੀ ਸੰਸਦ ਮੈਂਬਰਾਂ ਨੂੰ ਭੇਜੀ ਇੱਕ ਈਮੇਲ ਵਿੱਚ ਲਾਰਸਨ ਦੀ ਮੌਤ ਦੀ ਪੁਸ਼ਟੀ ਕੀਤੀ। ਗ੍ਰੈਂਡ ਕਾਉਂਟੀ ਸ਼ੈਰਿਫ ਵਿਭਾਗ ਨੇ ਫੇਸਬੁੱਕ 'ਤੇ ਇਕ ਬਿਆਨ ਵਿਚ ਕਿਹਾ ਕਿ ਡੱਗ ਲਾਰਸਨ, ਉਨ੍ਹਾਂ ਦੀ ਪਤਨੀ ਅਤੇ ਦੋ ਬੱਚਿਆਂ ਨੂੰ ਲੈ ਕੇ ਜਾ ਰਿਹਾ ਜਹਾਜ਼ ਮੋਆਬ ਤੋਂ ਲਗਭਗ 24 ਕਿਲੋਮੀਟਰ ਦੱਖਣ ਵਿਚ ਕੈਨਿਯਨਲੈਂਡਸ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਤੁਰੰਤ ਬਾਅਦ ਐਤਵਾਰ ਸ਼ਾਮ ਨੂੰ ਹਾਦਸਾਗ੍ਰਸਤ ਹੋ ਗਿਆ।

ਤੁਹਾਨੂੰ ਦੱਸ ਦੇਈਏ ਕਿ ਲਾਰਸਨ ਰਿਪਬਲਿਕਨ ਪਾਰਟੀ ਅਤੇ ਨੌਰਥ ਡਕੋਟਾ ਨੈਸ਼ਨਲ ਗਾਰਡ ਵਿੱਚ ਲੈਫਟੀਨੈਂਟ ਕਰਨਲ ਰਹਿ ਚੁੱਕੇ ਹਨ ਅਤੇ ਮੌਜੂਦਾ ਸਮੇਂ ਵਿੱਚ ਉਹ ਐੱਮ.ਪੀ. ਸਨ ਅਤੇ ਉਨ੍ਹਾਂ ਦੀ ਪਤਨੀ ਐਮੀ ਇੱਕ ਕਾਰੋਬਾਰੀ ਸਨ।

ਨੈਸ਼ਨਲ ਟਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਸੋਸ਼ਲ ਮੀਡੀਆ ਵੈੱਬਸਾਈਟ ਐਕਸ 'ਤੇ ਇਕ ਪੋਸਟ 'ਚ ਕਿਹਾ ਕਿ ਸਿੰਗਲ ਇੰਜਣ ਵਾਲੇ ਪਾਈਪਰ ਜਹਾਜ਼ ਦੇ ਕ੍ਰੈਸ਼ ਹੋਣ ਦੀ ਜਾਂਚ ਕੀਤੀ ਜਾ ਰਹੀ ਹੈ। ਸ਼ੈਰਿਫ ਦੇ ਅਧਿਕਾਰੀਆਂ ਤੋਂ ਵਾਧੂ ਜਾਣਕਾਰੀ ਮੰਗਣ ਲਈ ਇੱਕ ਫੋਨ ਸੰਦੇਸ਼ ਵੀ ਭੇਜਿਆ ਗਿਆ ਸੀ, ਪਰ ਸੋਮਵਾਰ ਨੂੰ ਕੋਈ ਜਵਾਬ ਨਹੀਂ ਮਿਲਿਆ। ਅਸਲ ਵਿਚ, ਮੋਆਬ ਆਰਚਸ ਅਤੇ ਕੈਨਿਯਨਲੈਂਡਜ਼ ਨੈਸ਼ਨਲ ਪਾਰਕ ਵਿਚ ਲਗਭਗ 5,300 ਲੋਕਾਂ ਦਾ ਇੱਕ ਸੈਰ-ਸਪਾਟਾ ਕੇਂਦਰ ਹੈ।



# ਐਲਨ ਮਸਕ ਦੀ ਪਹਿਲੀ ਪਤਨੀ ਜਸਟਿਨ ਮਸਕ ਦੇ ਇੱਕ ਲੇਖ ਵਿਚ ਖੁਲਾਸਾ: ਐਲਨ ਮਸਕ ਨੇ ਜਸਟਿਨ ਨੂੰ ਕਿਹਾ ਸੀ- 'ਜੇ ਤੂੰ ਮੇਰੀ ਕਰਮਚਾਰੀ ਹੁੰਦੀ ਤਾਂ ਮੈਂ ਤੈਨੂੰ ਨੌਕਰੀ ਤੋਂ ਕੱਢ ਦਿੰਦਾ'

ਵਾਸ਼ਿੰਗਟਨ, 3 ਅਕਤੂਬਰ (ਪੋਸਟ ਬਿਊਰੋ): ਐਲਨ ਮਸਕ ਅਕਸਰ ਆਪਣੇ ਬਿਆਨਾਂ ਕਾਰਨ ਸੁਰਖੀਆਂ ਵਿਚ ਬਣੇ ਰਹਿੰਦੇ ਹਨ। ਹਾਲ ਹੀ 'ਚ ਉਨ੍ਹਾਂ ਦੇ ਇਕ ਬਿਆਨ ਦੀ ਕਾਫੀ ਚਰਚਾ ਹੋ ਰਹੀ ਹੈ, ਜਿਸ ਵਿਚ ਉਨ੍ਹਾਂ ਨੇ ਆਪਣੀ ਪਹਿਲੀ ਪਤਨੀ ਨੂੰ ਕਿਹਾ ਸੀ ਕਿ 'ਜੇਕਰ ਤੂੰ ਮੇਰੀ ਕਰਮਚਾਰੀ ਹੁੰਦੀ ਤੇ ਮੇਰੀ ਪਤਨੀ ਨਾ ਹੁੰਦੀ ਤਾਂ ਮੈਂ ਤੈਨੂੰ ਨੌਕਰੀ ਤੋਂ ਕੱਢ ਦਿੰਦਾ'। ਇਹ ਐਲਨ ਮਸਕ ਦੀ ਪਹਿਲੀ ਪਤਨੀ ਜਸਟਿਨ ਮਸਕ ਨੇ 2010 ਵਿੱਚ ਇੱਕ ਲੇਖ ਵਿੱਚ ਲਿਖਿਆ ਸੀ। ਉਸ ਸਮੇਂ ਉਸ ਦੇ ਅਤੇ ਐਲਨ ਮਸਕ ਵਿਚਕਾਰ ਤਲਾਕ ਦੀ ਪ੍ਰਕਿਰਿਆ ਚੱਲ ਰਹੀ ਸੀ। ਇਹ ਮਾਮਲਾ ਹਾਲ ਹੀ ਵਿਚ ਰਿਲੀਜ਼ ਹੋਈ 'ਮਿਸਟਰ ਮਸਕਜ਼ ਬਾਇਓਗ੍ਰਾਫੀ' ਰਾਹੀਂ ਚਰਚਾ ਵਿਚ ਆਇਆ ਸੀ।



ਜਸਟਿਨ ਮਸਕ, ਪੰਜ ਬੱਚਿਆਂ ਦੀ ਮਾਂ ਅਤੇ ਲੇਖਕ ਨੇ ਮੈਰੀ ਕਲੇਅਰ ਮੈਗਜ਼ੀਨ ਵਿੱਚ ਇਹ ਲੇਖ ਲਿਖਿਆ। ਇਸ ਲੇਖ ਵਿਚ ਉਸ ਨੇ ਦੱਸਿਆ ਕਿ ਕਿਵੇਂ ਉਨ੍ਹਾਂ ਦਾ ਵਿਆਹ ਹੌਲੀ-ਹੌਲੀ ਖੱਟਾ ਪੈ ਗਿਆ। ਜਸਟਿਨ ਮਸਕ ਨੇ ਲਿਖਿਆ ਕਿ ਅਸੀਂ ਆਪਣੇ ਵਿਆਹ ਦੀ ਰਿਸੈਪਸ਼ਨ ਦੌਰਾਨ ਇਕੱਠੇ ਡਾਂਸ ਕੀਤਾ। ਸਭ ਕੁਝ ਠੀਕ ਚੱਲ ਰਿਹਾ ਸੀ। ਫਿਰ ਡਾਂਸ ਦੌਰਾਨ, ਐਲਨ ਮਸਕ ਨੇ ਮੈਨੂੰ ਕਿਹਾ ਕਿ 'ਮੈਂ ਇਸ ਰਿਸ਼ਤੇ ਵਿਚ ਅਲਫਾ ਹਾਂ।' ਬਾਅਦ ਵਿਚ ਮੈਨੂੰ ਪਤਾ ਲੱਗਾ ਕਿ ਉਹ ਉਸ ਦੀ ਗੱਲ ਵਿਚ ਗੰਭੀਰ ਸੀ। ਦਰਅਸਲ, ਐਲਨ ਦੱਖਣੀ ਅਫ਼ਰੀਕਾ ਦੇ ਮਰਦ-ਪ੍ਰਧਾਨ ਸੱਭਿਆਚਾਰ ਵਿੱਚ ਵੱਡਾ ਹੋਇਆ ਸੀ। ਇਸ ਕਾਰਨ ਉਨ੍ਹਾਂ ਅੰਦਰ ਮੁਕਾਬਲੇਬਾਜ਼ੀ ਅਤੇ ਹਾਵੀ ਹੋਣ ਦੀ ਭਾਵਨਾ ਪ੍ਰਬਲ ਸੀ। ਇਸ ਇੱਛਾ ਨੇ ਉਸ ਨੂੰ ਸਫ਼ਲ ਵੀ ਕੀਤਾ। ਪਰ ਵਪਾਰਕ ਵਿਚਾਰ ਅਤੇ ਮੁੱਦੇ ਉਸ ਦੇ ਦਿਮਾਗ ਵਿਚੋਂ ਨਹੀਂ ਨਿਕਲ ਸਕਦੇ ਸਨ। ਘਰ ਆ ਕੇ ਵੀ ਉਹ ਕਾਰੋਬਾਰ ਬਾਰੇ ਸੋਚਦਾ ਰਿਹਾ।

ਇਸ ਤਰ੍ਹਾਂ ਕਈ ਵਾਰ ਉਹ ਮੇਰੇ ਵਿਹਾਰਾਂ 'ਤੇ ਲਗਾਤਾਰ ਟਿੱਪਣੀਆਂ ਕਰ ਰਿਹਾ ਸੀ। ਮੈਂ ਉਸ ਨੂੰ ਕਈ ਵਾਰ ਕਿਹਾ ਕਿ ਮੇਰੇ ਨਾਲ ਅਜਿਹਾ ਸਲੂਕ ਨਾ ਕਰੋ, ਮੈਂ ਤੁਹਾਡੀ ਪਤਨੀ ਹਾਂ। ਕਰਮਚਾਰੀ ਨਹੀਂ। ਫਿਰ ਐਲਨ ਮਸਕ ਨੇ ਮੈਨੂੰ ਕਿਹਾ ਕਿ ਜੇਕਰ ਤੂੰ ਮੇਰੀ ਕਰਮਚਾਰੀ ਹੁੰਦੀ ਤਾਂ ਮੈਂ ਤੈਨੂੰ ਨੌਕਰੀ ਤੋਂ ਕੱਢ ਦਿੰਦਾ। ਲੇਖ ਵਿਚ ਜਸਟਿਨ ਨੇ ਲਿਖਿਆ ਕਿ ਐਲਨ ਮਸਕ ਜਸਟਿਨ 'ਤੇ ਆਪਣੇ ਵਾਲਾਂ ਨੂੰ ਜ਼ਿਆਦਾ ਕਲਰ ਕਰਨ ਲਈ ਦਬਾਅ ਪਾਉਂਦੇ ਸਨ। ਜਦੋਂ ਉਸਦੇ ਪਹਿਲੇ ਪੁੱਤਰ ਦੀ ਮੌਤ ਹੋ ਗਈ, ਤਾਂ ਉਸ ਘਟਨਾ ਨੇ ਜਸਟਿਨ ਨੂੰ ਹਿਲਾ ਕੇ ਰੱਖ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਦੇ ਰਿਸ਼ਤੇ ਵਿਚ ਕਾਫੀ ਤਣਾਅ ਆ ਗਿਆ। ਇਸ ਤੋਂ ਬਾਅਦ ਉਸਨੇ ਜੁੜਵਾਂ ਅਤੇ ਤਿੰਨ ਹੋਰ ਬੱਚਿਆਂ ਨੂੰ ਜਨਮ ਦਿੱਤਾ। ਬੱਚੇ ਦੀ ਮੌਤ ਨੇ ਮੈਨੂੰ ਉਦਾਸੀ ਅਤੇ ਚਿੰਤਾ ਵਿਚ ਰਹਿਣ ਲਈ ਮਜ਼ਬੂਰ ਕਰ ਦਿੱਤਾ ਸੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪੀਅਰੇ ਐਗੋਸਟਿਨੀ, ਫੇਰੇਂਕ ਕਰੂਜ਼ ਅਤੇ ਐਨੀ ਹੁਈਲੀਅਰ ਨੂੰ ਨੋਬਲ



ਨਿਊਯਾਰਕ, 3 ਅਕਤੂਬਰ (ਪੋਸਟ ਬਿਊਰੋ): ਨੋਬਲ ਪੁਰਸਕਾਰਾਂ ਦਾ ਐਲਾਨ ਦੀ ਸ਼ੁਰੂਆਤ ਸੋਮਵਾਰ ਤੋਂ ਮੈਡੀਸਨ ਖੇਤਰ ਨਾਲ ਹੋਈ। ਇਸੇ ਲੜੀ ਵਿਚ ਭੌਤਿਕ ਵਿਗਿਆਨ ਦੇ ਨੋਬਲ ਪੁਰਸਕਾਰ ਦਾ ਐਲਾਨ ਮੰਗਲਵਾਰ ਨੂੰ ਕੀਤਾ ਗਿਆ। ਇਸ ਵਾਰ ਇਹ ਸਨਮਾਨ ਸਾਂਝੇ ਤੌਰ 'ਤੇ ਪੀਅਰੇ ਐਗੋਸਟਿਨੀ, ਫੈਰੇਂਕ ਕਰੂਜ਼ ਅਤੇ ਐਨੀ ਲ'ਹੁਲੀਅਰ ਨੂੰ ਦਿੱਤਾ ਗਿਆ। ਰਾਇਲ ਸਵੀਡਿਸ਼ ਅਕੈਡਮੀ ਆਫ਼ ਸਾਇੰਸਜ਼ ਦੇ ਅਨੁਸਾਰ, ਤਿੰਨਾਂ ਨੇ ਪਦਾਰਥ ਵਿੱਚ ਇਲੈਕਟ੍ਰੌਨ ਗਤੀਸ਼ੀਲਤਾ ਦਾ ਅਧਿਐਨ ਕਰਨ ਲਈ ਪ੍ਰਯੋਗਾਤਮਕ ਢੰਗ ਅਪਣਾਏ। ਇਹ ਰੋਸ਼ਨੀ ਦੇ ਐਟੋਸੈਕੰਡ ਪਲਸ ਪੈਦਾ ਕਰਦਾ ਹੈ। ਹੁਣ ਰਸਾਇਣ ਵਿਗਿਆਨ ਦੇ ਖੇਤਰ ਵਿਚ ਦਿੱਤੇ ਜਾਣ ਵਾਲੇ ਨੋਬਲ ਪੁਰਸਕਾਰ ਜੇਤੂ ਦੇ ਨਾਮ ਦਾ ਐਲਾਨ ਬੁੱਧਵਾਰ ਅਤੇ ਸਾਹਿਤ ਦੇ ਖੇਤਰ ਵਿੱਚ ਵੀਰਵਾਰ ਨੂੰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨੋਬਲ ਸ਼ਾਂਤੀ ਪੁਰਸਕਾਰ ਦਾ ਐਲਾਨ ਸ਼ੁੱਕਰਵਾਰ ਨੂੰ ਕੀਤਾ ਜਾਵੇਗਾ ਅਤੇ ਅਰਥ ਸ਼ਾਸਤਰ ਦੇ ਖੇਤਰ ਵਿਚ ਇਸ ਪੁਰਸਕਾਰ ਦੇ ਜੇਤੂ ਦਾ ਐਲਾਨ 9 ਅਕਤੂਬਰ ਨੂੰ ਕੀਤਾ ਜਾਵੇਗਾ।

ਪਿਛਲੇ ਸਾਲ ਭੌਤਿਕ ਵਿਗਿਆਨ ਦਾ ਨੋਬਲ ਪੁਰਸਕਾਰ ਸਾਂਝੇ ਤੌਰ 'ਤੇ ਐਲੇਨ ਅਸਪੈਕਟ, ਜੌਨ ਐੱਫ. ਕਲੌਜ਼ਰ ਅਤੇ ਐਂਟਨ ਜ਼ੇਲਿੰਗਰ ਨੂੰ ਦਿੱਤਾ ਗਿਆ ਸੀ। ਐਲੇਨ ਅਸਪੈਕਟ ਇੱਕ ਫਰਾਂਸੀਸੀ ਭੌਤਿਕ ਵਿਗਿਆਨੀ ਹਨ, ਜਦੋਂਕਿ ਜੌਨ ਐੱਫ. ਕਲੌਜ਼ਰ ਇੱਕ ਅਮਰੀਕੀ ਵਿਗਿਆਨੀ ਅਤੇ ਐਂਟੋਨ ਜ਼ੇਲਿੰਗਰ ਇੱਕ ਆਸਟ੍ਰੀਅਨ ਵਿਗਿਆਨੀ ਹਨ। ਇਨ੍ਹਾਂ ਵਿਗਿਆਨੀਆਂ ਦੇ ਪ੍ਰਯੋਗਾਂ ਨੇ ਕੁਆਂਟਮ ਜਾਣਕਾਰੀ ਦੇ ਆਧਾਰ 'ਤੇ ਨਵੀਂ ਤਕਨੀਕ ਲਈ ਰਾਹ ਪੱਧਰਾ ਕੀਤਾ ਸੀ।

ਇਸ ਤੋਂ ਪਹਿਲਾਂ, ਫਿਜ਼ੀਓਲੋਜੀ ਜਾਂ ਮੈਡੀਸਨ ਵਿੱਚ 2023 ਦਾ ਨੋਬਲ ਪੁਰਸਕਾਰ ਕੈਟਾਲਿਨ ਕੈਰੀਕੋ ਅਤੇ ਡਰਿਊ ਵੇਸਮੈਨ ਨੂੰ ਦਿੱਤਾ ਗਿਆ ਸੀ। ਇਨ੍ਹਾਂ ਦੋਵਾਂ ਨੂੰ ਨਿਊਕਲੀਓਸਾਈਡ ਆਧਾਰਿਤ ਸੋਧਾਂ ਨਾਲ ਸਬੰਧਤ ਖੋਜਾਂ ਲਈ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੀਆਂ ਖੋਜਾਂ ਨੇ ਕੋਵਿਡ-19 ਦੇ ਵਿਰੁੱਧ ਪ੍ਰਭਾਵੀ ਟੀਕਿਆਂ ਦੇ ਵਿਕਾਸ ਨੂੰ ਸਮਰੱਥ ਬਣਾਇਆ।

# ਨਾਦੇੜ ਦੇ ਸਰਕਾਰੀ ਹਸਪਤਾਲ ਵਿਚ 48 ਘੰਟਿਆਂ ਦੌਰਾਨ 16 ਬੱਚਿਆਂ ਸਮੇਤ 31 ਮਰੀਜ਼ਾਂ ਦੀ ਮੌਤ



ਨਾਦੇੜ, 3 ਅਕਤੂਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਨਾਦੇੜ ਦੇ ਸਰਕਾਰੀ ਹਸਪਤਾਲ ਵਿੱਚ ਬੀਤੀ ਦੇਰ ਰਾਤ ਸੱਤ ਹੋਰ ਮਰੀਜ਼ਾਂ ਦੀ ਮੌਤ ਹੋ ਗਈ। ਇਨ੍ਹਾਂ 'ਚ ਚਾਰ ਬੱਚੇ ਵੀ ਦੱਸੇ ਜਾ ਰਹੇ ਹਨ। ਕੱਲ੍ਹ ਖ਼ਬਰ ਆਈ ਸੀ ਕਿ ਹਸਪਤਾਲ ਵਿੱਚ 24 ਘੰਟਿਆਂ ਵਿੱਚ 24 ਜਣਿਆਂ ਦੀ ਮੌਤ ਹੋ ਗਈ ਹੈ। 48 ਘੰਟਿਆਂ ਬਾਅਦ ਸ਼ੰਕਰ ਰਾਓ ਚੌਹਾਨ ਸਰਕਾਰੀ ਹਸਪਤਾਲ ਵਿੱਚ ਮਰਨ ਵਾਲਿਆਂ ਦੀ ਗਿਣਤੀ 31 ਹੋ ਗਈ ਹੈ। ਇਨ੍ਹਾਂ 31 ਮਰੀਜ਼ਾਂ ਵਿੱਚੋਂ 16 ਬੱਚੇ ਸਨ। ਇਸ ਤੋਂ ਬਾਅਦ ਸੂਬੇ 'ਚ ਹੜਕੰਪ ਮਚ ਗਿਆ ਹੈ।

ਮਹਾਰਾਸ਼ਟਰ ਦੇ ਮੈਡੀਕਲ ਸਿੱਖਿਆ ਮੰਤਰੀ ਹਸਨ ਮੁਸ਼ਰਿਫ ਨੇ ਕਿਹਾ ਕਿ ਅਸੀਂ ਪੂਰੀ ਜਾਂਚ ਕਰਾਂਗੇ। ਮੈਂ ਇਸ ਸਬੰਧ ਵਿੱਚ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੂੰ ਸੂਚਿਤ ਕਰ ਦਿੱਤਾ ਹੈ। ਹਸਪਤਾਲ () ਦਾ ਦੌਰਾ ਕਰਾਂਗਾ ਅਤੇ ਡਾਕਟਰਾਂ ਦੀ ਕਮੇਟੀ ਵੀ ਬਣਾਈ ਜਾਵੇਗੀ।

ਦੂਜੇ ਪਾਸੇ ਡਾਕਟਰ ਸ਼ੰਕਰ ਰਾਓ ਚਵਾਨ ਮੈਡੀਕਲ ਕਾਲਜ ਅਤੇ ਹਸਪਤਾਲ ਵਿਚ ਹੋਈਆਂ ਮੌਤਾਂ ਨੂੰ ਲੈ ਕੇ ਵਿਰੋਧੀ ਧਿਰ ਭਾਜਪਾ ਸਰਕਾਰ 'ਤੇ ਹਮਲਾ ਬੋਲ ਰਹੀ ਹੈ। ਸ਼ਿਵ ਸੈਨਾ (ਯੂਬੀਟੀ) ਦੇ ਰਾਜ ਸਭਾ ਮੈਂਬਰ ਸੰਜੇ ਰਾਉਤ ਨੇ ਕਿਹਾ ਕਿ ਮਹਾਰਾਸ਼ਟਰ ਦੀ ਸਿਹਤ ਦੀ ਹਾਲਤ ਹਮੇਸ਼ਾ ਬਿਹਤਰ ਰਹੀ ਹੈ ਪਰ ਪਿਛਲੇ ਇੱਕ ਸਾਲ ਵਿੱਚ ਇੱਕ ਤਰ੍ਹਾਂ ਨਾਲ ਮਹਾਰਾਸ਼ਟਰ ਦੇ ਸਾਰੇ ਸਰਕਾਰੀ ਵਿਭਾਗਾਂ ਦੀ ਹਾਲਤ ਖ਼ਰਾਬ ਹੈ। ਇਸ ਦੀ ਨਾ ਤਾਂ ਸਿਹਤ ਮੰਤਰੀ ਨੂੰ ਚਿੰਤਾ ਹੈ ਅਤੇ ਨਾ ਹੀ ਡਾਕਟਰ ਆਪਣਾ ਕੰਮ ਕਰ ਰਹੇ ਹਨ। ਕਿਸੇ ਦਾ ਕੋਈ ਕੰਟਰੋਲ ਨਹੀਂ ਹੈ। ਸਿਹਤ ਵਿਭਾਗ ਮਹਾਰਾਸ਼ਟਰ ਦਾ ਸਭ ਤੋਂ ਅਣਗੌਲਿਆ ਵਿਭਾਗ ਹੈ।

# ਸੁਪਰੀਮ ਕੋਰਟ ਵੱਲੋਂ ਰਾਮਸੇਤੂ ਦੇ ਦੋਵੇਂ ਪਾਸੇ ਦੀਵਾਰਾਂ ਬਣਾਉਣ ਦੀ ਮੰਗ ਵਾਲੀ ਪਟੀਸ਼ਨ ਰੱਦ



ਨਵੀਂ ਦਿੱਲੀ, 3 ਅਕਤੂਬਰ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ ਅੱਜ ਰਾਮਸੇਤੂ ਦੇ ਦੋਵੇਂ ਪਾਸੇ ਦੀਵਾਰਾਂ ਬਣਾਉਣ ਅਤੇ ਇਸ ਰਾਸ਼ਟਰੀ ਵਿਰਾਸਤ ਐਲਾਨਣ ਦੀ ਮੰਗ ਵਾਲੀ ਪਟੀਸ਼ਨ ਰੱਦ ਕਰ ਦਿੱਤੀ ਹੈ। ਇਹ ਜਨਹਿੱਤ ਪਟੀਸ਼ਨ ਹਿੰਦੂ ਪਰਸਨਲ ਲਾਅ ਬੋਰਡ ਨਾਮ ਦੀ ਸੰਸਥਾ ਦੇ ਪ੍ਰਧਾਨ ਅਸ਼ੋਕ ਪਾਂਡੇ ਨੇ ਦਾਇਰ ਕੀਤੀ ਸੀ। ਪਟੀਸ਼ਨਕਰਤਾ ਨੇ ਮੰਗ ਕੀਤੀ ਸੀ ਕਿ ਧਨੁਸ਼ਕੋਡੀ ਨੇੜੇ ਸਮੁੰਦਰ ਵਿੱਚ ਰਾਮ ਸੇਤੂ ਤੋਂ 100 ਮੀਟਰ ਤੱਕ ਅਤੇ ਜੇਕਰ ਸੰਭਵ ਹੋਵੇ ਤਾਂ ਇੱਕ ਕਿਲੋਮੀਟਰ ਤੱਕ ਦੀਵਾਰ ਬਣਾਉਣ ਦੇ ਨਿਰਦੇਸ਼ ਦਿੱਤੇ ਜਾਣ। ਪ੍ਰਾਪਤ ਜਾਣਕਾਰੀ ਅਨੁਸਾਰ ਮਾਮਲੇ ਨਾਲ ਜੁੜੀ ਪਟੀਸ਼ਨ 'ਚ ਕਿਹਾ ਗਿਆ ਹੈ ਕਿ ਸਮੁੰਦਰ ਦਾ ਪਾਣੀ ਵਧਣ ਕਾਰਨ ਰਾਮ ਸੇਤੂ ਦੇ ਦਰਸ਼ਨ ਕਰਨ 'ਚ ਦਿੱਕਤ ਆ ਰਹੀ ਹੈ। ਜੇਕਰ ਦੋਵੇਂ ਪਾਸੇ ਕੁਝ ਦੂਰੀ ਤੱਕ ਦੀਵਾਰ ਬਣਾਈ ਜਾਵੇ ਤਾਂ ਰਾਮ ਸੇਤੂ ਆਸਾਨੀ ਨਾਲ ਦਿਖਾਈ ਦੇਵੇਗਾ।

ਪਟੀਸ਼ਨ ਦੀ ਸੁਣਵਾਈ ਦੌਰਾਨ ਸੁਪਰੀਮ ਕੋਰਟ ਨੇ ਪੁੱਛਿਆ ਕਿ ਦੋਵੇਂ ਪਾਸੇ ਦੀਵਾਰ ਕਿਵੇਂ ਬਣਾਈ ਜਾ ਸਕਦੀ ਹੈ? ਇਸ 'ਤੇ ਪਟੀਸ਼ਨਰ ਨੇ ਕਿਹਾ ਕਿ ਇਕ ਪਾਸੇ ਕੀਤਾ ਜਾਵੇ। ਬਾਅਦ ਵਿੱਚ ਸੁਪਰੀਮ ਕੋਰਟ ਨੇ ਇਸ ਜਨਹਿੱਤ ਪਟੀਸ਼ਨ ਨੂੰ ਰੱਦ ਕਰ ਦਿੱਤਾ ਸੀ। ਸੁਪਰੀਮ ਕੋਰਟ ਦਾ ਕਹਿਣਾ ਹੈ ਕਿ ਇਹ ਪ੍ਰਸ਼ਾਸਨਿਕ ਫੈਸਲਾ ਹੈ ਤਾਂ ਅਦਾਲਤ ਦੀਵਾਰ ਬਣਾਉਣ ਦੇ ਨਿਰਦੇਸ਼ ਕਿਵੇਂ ਦੇ ਸਕਦੀ ਹੈ? ਇਹ ਪਟੀਸ਼ਨ ਜਸਟਿਸ ਸੰਜੇ ਕਿਸ਼ਨ ਕੌਲ ਅਤੇ ਜਸਟਿਸ ਸੁਧਾਂਸ਼ੂ ਧੂਲੀਆ ਦੀ ਬੈਂਚ ਸਾਹਮਣੇ ਸੁਣਵਾਈ ਲਈ ਆਈ ਸੀ।

ਸੁਪਰੀਮ ਕੋਰਟ ਨੇ ਇਸ ਜਨਹਿਤ ਪਟੀਸ਼ਨ ਨੂੰ ਇਕ ਹੋਰ ਪਟੀਸ਼ਨ ਨਾਲ ਜੋੜਨ ਤੋਂ ਵੀ ਇਨਕਾਰ ਕਰ ਦਿੱਤਾ, ਜਿਸ ਵਿਚ ਸਮਾਰਕ ਨੂੰ ਰਾਸ਼ਟਰੀ ਵਿਰਾਸਤ ਘੋਸ਼ਤਿ ਕਰਨ ਦੇ ਨਿਰਦੇਸ਼ ਦੀ ਮੰਗ ਕੀਤੀ ਗਈ ਸੀ। 'ਰਾਮ ਸੇਤੂ' ਜਿਸ ਨੂੰ ਐਡਮ ਬ੍ਰਿਜ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਇਹ ਤਾਮਿਲਨਾਡੂ ਦੇ ਦੱਖਣ-ਪੂਰਬੀ ਤੱਟ 'ਤੇ ਪੰਬਨ ਟਾਪੂ ਅਤੇ ਸ਼੍ਰੀਲੰਕਾ ਦੇ ਉੱਤਰ-ਪੱਛਮੀ ਤੱਟ 'ਤੇ ਮੰਨਾਰ ਟਾਪੂ ਦੇ ਵਿਚਕਾਰ ਚੂਨੇ ਦੇ ਪੱਥਰਾਂ ਦੀ ਇੱਕ ਲੜੀ ਹੈ। ਹਿੰਦੂ ਧਰਮ ਵਿੱਚ ਰਾਮ ਸੇਤੂ ਦੀ ਬਹੁਤ ਮਾਨਤਾ ਹੈ।

# ਗੁਰਦਾਸਪੁਰ ਵਿਚ ਕਾਰ ਨੇ ਪੈਦਲ ਜਾ ਰਹੇ ਤਿੰਨ ਦੋਸਤਾਂ ਨੂੰ ਕੁਚਲਿਆ, ਇੱਕ ਦੀ ਮੌਤ, ਦੋ ਗੰਭੀਰ



ਗੁਰਦਾਸਪੁਰ, 3 ਅਕਤੂਬਰ (ਪੋਸਟ ਬਿਊਰੋ): ਗੁਰਦਾਸਪੁਰ ਦੇ ਨੇੜਲੇ ਪਿੰਡ ਅਠਵਾਲ (ਭੁੱਲਰ) ਵਿਖੇ ਦੇਰ ਰਾਤ ਸੜਕ 'ਤੇ ਪੈਦਲ ਜਾ ਰਹੇ ਤਿੰਨ ਦੋਸਤਾਂ ਨੂੰ ਕਿਸੇ ਅਣਪਛਾਤੇ ਵਾਹਨ ਨੇ ਕੁਚਲ ਦਿੱਤਾ। ਇਸ ਘਟਨਾ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ ਹੈ। ਜਦਕਿ ਦੋ ਦੋਸਤਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਦੋਵੇਂ ਜ਼ਖਮੀਆਂ ਦਾ ਦੋ ਵੱਖ-ਵੱਖ ਹਸਪਤਾਲਾਂ ਵਿਚ ਇਲਾਜ ਚੱਲ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਅਠਵਾਲ ਦੇ ਕਿਸਾਨ ਆਗੂ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦਾ ਹੋਣਹਾਰ ਨੌਜਵਾਨ ਮੁਮਤਾਜ਼ (21) ਪੁੱਤਰ ਹਰਦੇਵ ਮਸੀਹ ਆਪਣੇ ਦੋਸਤਾਂ ਅਮਨ ਮਸੀਹ ਅਤੇ ਦੀਪਕ ਮਸੀਹ ਨਾਲ ਬੀਤੀ ਰਾਤ 9:30 ਵਜੇ ਦੇਹਰ ਫੱਤੂਪੁਰ ਨੂੰ ਜਾਂਦੀ ਸੜਕ 'ਤੇ ਸੈਰ ਕਰ ਰਿਹਾ ਸੀ।

ਉਦੋਂ ਕਲਾਨੌਰ ਵੱਲੋਂ ਆ ਰਹੀ ਇੱਕ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਇਸ ਦੌਰਾਨ ਮੁਮਤਾਜ਼ ਮਸੀਹ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦਕਿ ਉਸ ਦੇ ਦੋਸਤ ਅਮਨ ਅਤੇ ਦੀਪਕ ਵੀ ਗੰਭੀਰ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ। ਇਸ ਘਟਨਾ ਦੀ ਪੁਲਿਸ ਆਸਪਾਸ ਲੱਗੇ ਸੀਸੀਟੀਵੀ ਕੈਮਰਿਆਂ ਰਾਹੀਂ ਜਾਂਚ ਕਰਨ ਵਿਚ ਲੱਗੀ ਹੈ।

# ਤਾਂਤਰਿਕ ਦੇ ਕਹਿਣ 'ਤੇ ਗੁਆਂਢੀ ਨੇ 4 ਸਾਲਾ ਬੱਚੇ ਦਾ ਗਲਾ ਵੱਢ ਕੇ ਕੀਤਾ ਕਤਲ



ਖੰਨਾ, 3 ਅਕਤੂਬਰ (ਪੋਸਟ ਬਿਊਰੋ): ਖੰਨਾ ਦੇ ਅਲੋੜੇ ਇਲਾਕੇ 'ਚ 4 ਸਾਲ ਦੇ ਬੱਚੇ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ ਗਿਆ। ਮ੍ਰਿਤਕ ਬੱਚੇ ਦੀ ਪਹਿਚਾਣ ਰਵੀ ਰਾਜ ਵਜੋਂ ਹੋਈ ਹੈ। ਪੁਲਿਸ ਨੇ 4 ਘੰਟਿਆਂ ਦੇ ਅੰਦਰ ਹੀ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ। ਮ੍ਰਿਤਕ ਦੀ ਮਾਂ ਕੰਚਨ ਦੇਵੀ ਨੇ ਦੱਸਿਆ ਕਿ ਉਹ ਬਿਹਾਰ ਦੀ ਰਹਿਣ ਵਾਲੀ ਸੀ। ਇੱਥੇ ਖੰਨਾ ਦੇ ਅਲੋੜੇ ਪਿੰਡ ਵਿੱਚ ਰਹਿੰਦੇ ਹਨ। ਸੋਮਵਾਰ ਰਾਤ ਉਸ ਦੇ ਤਿੰਨ ਬੱਚੇ, ਪਤਨੀ ਅਤੇ ਪਤੀ ਫਰਸ਼ 'ਤੇ ਸੁੱਤੇ ਹੋਏ ਸਨ। ਰਾਤ ਕਰੀਬ 2 ਵਜੇ ਜਦੋਂ ਨੀਂਦ ਖੁੱਲ੍ਹੀ ਤਾਂ ਉਸ ਨੇ ਬੈੱਡ 'ਤੇ ਇਕ ਮੋਬਾਈਲ ਫੋਨ ਦੇਖਿਆ, ਜੋ ਉਸ ਦਾ ਨਹੀਂ ਸੀ। ਇਸ ਦੌਰਾਨ ਉਸ ਨੇ ਦੇਖਿਆ ਕਿ ਉਸ ਦਾ ਲੜਕਾ ਰਵੀ ਰਾਜ ਆਪਣੇ ਬੈੱਡ ਤੋਂ ਗਾਇਬ ਸੀ। ਫਿਰ ਉਹ ਬੱਚੇ ਨੂੰ ਲੱਭਣ ਲਈ ਨਿਕਲ ਪਏ।

ਇਸ ਦੌਰਾਨ ਪੁਲਿਸ ਵੀ ਉੱਥੇ ਪਹੁੰਚ ਗਈ। ਪੁਲਿਸ ਨੇ ਉਨ੍ਹਾਂ ਨੂੰ ਦਿਖਾਇਆ ਕਿ ਕੁਝ ਦੂਰੀ 'ਤੇ ਇਕ ਬੱਚੇ ਦੀ ਲਾਸ਼ ਪਈ ਸੀ, ਇਹ ਲਾਸ਼ ਰਵੀ ਰਾਜ ਦੀ ਨਿਕਲੀ। ਉਸ ਦਾ ਗਲਾ ਵੱਢ ਕੇ ਕਤਲ ਕੀਤਾ ਗਿਆ। ਸੀਸੀਟੀਵੀ ਤੋਂ ਪਤਾ ਚੱਲਿਆ ਕਿ ਉਨ੍ਹਾਂ ਦੇ ਗੁਆਂਢ ਵਿੱਚ ਰਹਿਣ ਵਾਲਾ ਇੱਕ ਵਿਅਕਤੀ ਬੱਚੇ ਨੂੰ ਮੋਢੇ ਉੱਤੇ ਚੁੱਕ ਕੇ ਲੈ ਜਾ ਰਿਹਾ ਸੀ।

ਬੱਚੇ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦੇ ਪੁੱਤਰ ਦੀ ਬਲੀ ਦਿੱਤੀ ਗਈ ਹੈ। ਡੀਐਸਪੀ ਰਾਜੇਸ਼ ਸ਼ਰਮਾ ਨੇ ਦੱਸਿਆ ਕਿ ਪੁਲਿਸ ਨੇ ਮੁਲਜ਼ਮ ਖਿਲਾਫ਼ ਕੇਸ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ।














# ਲੜਾਕੂ ਜਹਾਜ਼ ਮਿਗ-21 ਹੁਣ ਭਾਰਤੀ ਹਵਾਈ ਫੌਜ ਦਾ ਹਿੱਸਾ ਨਹੀਂ ਰਹੇਗਾ, ਹੋਵੇਗੀ ਵਿਦਾਈ



ਨਵੀਂ ਦਿੱਲੀ, 3 ਅਕਤੂਬਰ (ਪੋਸਟ ਬਿਊਰੋ): ਭਾਰਤੀ ਹਵਾਈ ਸੈਨਾ (ਆਈ.ਏ.ਐੱਫ.) ਦੇ ਮੁਖੀ ਏਅਰ ਚੀਫ ਮਾਰਸ਼ਲ ਵੀ.ਆਰ. ਚੌਧਰੀ ਨੇ ਇੱਕ ਮਜ਼ਬੂਤ ਫੌਜ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੇ ਖਿੱਤੇ ਵਿੱਚ ਅਸਥਿਰ ਅਤੇ ਅਨਿਸ਼ਚਿਤ ਭੂ-ਰਾਜਨੀਤਿਕ ਦ੍ਰਿਸ਼ ਦੇ ਕਾਰਨ ਇੱਕ ਮਜ਼ਬੂਤ ਅਤੇ ਭਰੋਸੇਮੰਦ ਫੌਜ ਦੀ ਲੋੜ ਲਾਜ਼ਮੀ ਹੋ ਗਈ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਮਿਗ-21 ਲੜਾਕੂ ਜਹਾਜ਼ ਹੁਣ ਭਾਰਤੀ ਹਵਾਈ ਸੈਨਾ ਦਾ ਹਿੱਸਾ ਨਹੀਂ ਰਹੇਗਾ। ਇਨ੍ਹਾਂ ਨੂੰ ਐਲਸੀਏ ਤੇਜਸ ਜਹਾਜ਼ਾਂ ਨਾਲ ਬਦਲਿਆ ਜਾਵੇਗਾ।

ਭਾਰਤੀ ਹਵਾਈ ਫੌਜ ਦੇ ਚੀਫ ਮਾਰਸ਼ਲ ਵੀਰ ਚੌਧਰੀ ਨੇ ਪ੍ਰੈੱਸ ਕਾਨਫਰੰਸ ਵਿਚ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ, ‘ਹਿੰਦ-ਪ੍ਰਸ਼ਾਂਤ ਖੇਤਰ ਵਿਸ਼ਵ ਦੀ ਗੰਭੀਰਤਾ ਦਾ ਨਵਾਂ ਆਰਥਿਕ ਅਤੇ ਰਣਨੀਤਕ ਕੇਂਦਰ ਹੈ। ਇਹ ਸਾਨੂੰ ਚੁਣੌਤੀਆਂ ਅਤੇ ਮੌਕੇ ਦੋਵੇਂ ਪ੍ਰਦਾਨ ਕਰਦਾ ਹੈ। ਭਾਰਤੀ ਹਵਾਈ ਸੈਨਾ ਆਪਣੀ ਸਮਰੱਥਾ ਨਾਲ ਇਨ੍ਹਾਂ ਚੁਣੌਤੀਆਂ ਨੂੰ ਘੱਟ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ ਅਤੇ ਇਸ ਖੇਤਰ ਵਿੱਚ ਭਾਰਤ ਦੀ ਤਾਕਤ ਨੂੰ ਪ੍ਰਦਰਸ਼ਿਤ ਕਰਨ ਵਿੱਚ ਇੱਕ ਆਧਾਰ ਬਣੀ ਰਹੇਗੀ।

ਉਨ੍ਹਾਂ ਦੱਸਿਆ ਕਿ ਤੇਜਸ ਲੜਾਕੂ ਜਹਾਜ਼ ਦੇ ਐਲਸੀਏ ਮਾਰਕ 1ਏ ਦੀਆਂ 83 ਖੇਪਾਂ ਲਈ ਇਕਰਾਰਨਾਮਾ ਸਹੀਬੰਦ ਕੀਤਾ ਗਿਆ ਹੈ। ਫੌਜ ਦੇ ਚੀਫ ਨੇ ਕਿਹਾ, ‘ਅਸੀਂ 83 ਐਲਸੀਏ ਮਾਰਕ 1ਏ ਲਈ ਇਕਰਾਰਨਾਮਾ ਕੀਤਾ ਸੀ। ਸਾਨੂੰ ਅਜਿਹੇ 97 ਹੋਰ ਜਹਾਜ਼ ਚਾਹੀਦੇ ਹਨ। ਇਸ ਨਾਲ ਸਾਡੇ ਕੋਲ 180 ਜਹਾਜ਼ ਹੋਣਗੇ। ਉਨ੍ਹਾਂ ਕਿਹਾ ਕਿ ਮਿਗ-21 ਲੜਾਕੂ ਜਹਾਜ਼ 2025 ਤੱਕ ਬੇੜੇ ਵਿੱਚੋਂ ਪੜਾਅਵਾਰ ਬਾਹਰ ਹੋ ਜਾਣਗੇ।

# ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਲਖੀਮਪੁਰ ਖੀਰੀ ਕਤਲ ਕਾਂਡ ਲਈ ਪੂਰੇ ਇਨਸਾਫ਼ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕ ਕੇ ਪ੍ਰਦਰਸ਼ਨ



ਚੰਡੀਗੜ੍ਹ 3 ਅਕਤੂਬਰ: ਕੌਮੀ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਲਖੀਮਪੁਰ ਖੀਰੀ ਕਤਲਕਾਂਡ ਦੇ ਪੂਰੇ ਇਨਸਾਫ਼ ਲਈ ਅੱਜ ਕਾਲੇ ਦਿਵਸ ਵਜੋਂ ਪੰਜਾਬ ਦੇ 17 ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਤੇ ਸਬਡਵੀਜ਼ਨ ਪੱਧਰਾਂ 'ਤੇ 39 ਥਾਂਈਂ ਦੋਸ਼ੀ ਕੇਂਦਰੀ ਮੰਤਰੀ ਅਜੈ ਮਿਸ਼ਰਾ ਟੈਣੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲਾ-ਫੂਕ ਰੋਸ ਪ੍ਰਦਰਸ਼ਨਾਂ ਰਾਹੀਂ ਸ਼ਹੀਦ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜੱਥੇਬੰਦੀ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਇੱਥੇ ਜਾਰੀ ਕੀਤੇ ਗਏ ਪ੍ਰੈੱਸ ਬਿਆਨ ਰਾਹੀਂ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਇਨ੍ਹਾਂ ਵਿਸ਼ਾਲ ਰੋਸ ਪ੍ਰਦਰਸ਼ਨਾਂ ਵਿੱਚ ਲਗਭਗ 1200 ਪਿੰਡਾਂ ਤੋਂ ਔਰਤਾਂ ਅਤੇ ਨੌਜਵਾਨਾਂ ਸਮੇਤ ਭਾਰੀ ਗਿਣਤੀ ਇਨ੍ਹਾਂ ਪੁਤਲਾ ਫੂਕ ਪ੍ਰਦਰਸ਼ਨਾਂ ਵਿੱਚ ਸ਼ਾਮਿਲ ਹੋਏ। 2 ਸਾਲ ਬੀਤਣ ਮਗਰੋਂ ਵੀ ਨਿਆਂ ਦੇਣ ਤੋਂ ਟਾਲ਼ਾ ਵੱਟ ਰਹੀ ਭਾਜਪਾ ਦੀ ਨਰਿੰਦਰ ਮੋਦੀ ਸਰਕਾਰ ਵਿਰੁੱਧ ਤਿੱਖੇ ਰੋਸ ਦੇ ਪ੍ਰਗਟਾਵੇ ਵਜੋਂ ਪੁਤਲੇ ਫੂਕਣ ਸਮੇਂ ਪ੍ਰਦਰਸ਼ਨਕਾਰੀਆਂ ਨੇ ਹੱਥਾਂ ਵਿੱਚ ਕਾਲ਼ੇ ਝੰਡੇ ਅਤੇ ਮੰਗਾਂ ਵਾਲੇ ਬੈਨਰ ਚੁੱਕੇ ਹੋਏ ਸਨ। ਉਹ ਬੈਨਰਾਂ ਅਤੇ ਨਾਹਰਿਆਂ ਰਾਹੀਂ ਮੰਗ ਕਰ ਰਹੇ ਸਨ ਕਿ ਦੋ ਸਾਲ ਪਹਿਲਾਂ ਇਸੇ ਦਿਨ ਲਖੀਮਪੁਰ ਖੀਰੀ (ਯੂ. ਪੀ.) 'ਚ ਕਿਸਾਨਾਂ ਦੇ ਕਤਲੇਆਮ ਦੇ ਮੁੱਖ ਸਾਜਸ਼ਘਾੜੇ ਕੇਂਦਰੀ ਮੰਤਰੀ ਅਜੈ ਮਿਸ਼ਰਾ ਟੈਣੀ ਅਤੇ ਕਿਸਾਨਾਂ ਨੂੰ ਗੱਡੀਆਂ ਥੱਲੇ ਦਰੜ ਕੇ ਸ਼ਹੀਦ ਕਰਨ ਵਾਲੇ ਉਸਦੇ ਗੁੰਡਾ ਛੋਹਰੇ ਅਸ਼ੀਸ਼ ਮਿਸ਼ਰਾ ਟੈਣੀ ਸਮੇਤ ਪੂਰੇ ਗੁੰਡਾ ਗ੍ਰੋਹ ਵਿਰੁੱਧ 5 ਕਤਲਾਂ ਅਤੇ ਕਈ ਜ਼ਖਮੀਆਂ ਦਾ ਕੇਸ ਵਿਸ਼ੇਸ਼ ਅਦਾਲਤ ਰਾਹੀਂ ਨਿਪਟਾ ਕੇ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਕਾਤਲ ਮੰਤਰੀ ਅਜੈ ਮਿਸ਼ਰਾ ਟੈਣੀ ਨੂੰ ਤੁਰੰਤ ਬਰਖਾਸਤ ਕਰਕੇ ਜੇਲ੍ਹ ਭੇਜਿਆ ਜਾਵੇ। ਇਲਾਕੇ ਦੇ ਕਿਸਾਨ ਆਗੂਆਂ ਵਿਰੁੱਧ ਮੜ੍ਹੇ ਗਏ ਸਰਾਸਰ ਨਜਾਇਜ਼ ਕੇਸ ਰੱਦ ਕੀਤੇ ਜਾਣ। ਸ਼ਹੀਦਾਂ ਦੇ ਵਾਰਸ ਪਰਵਾਰਾਂ ਦੇ 1-1 ਜੀਅ ਨੂੰ ਪੱਕੀ ਸਰਕਾਰੀ ਨੌਕਰੀ ਤੁਰੰਤ ਦਿੱਤੀ ਜਾਵੇ। ਸਾਰੇ ਜ਼ਖਮੀਆਂ ਦੇ ਇਲਾਜ ਦਾ ਪੂਰਾ ਖਰਚਾ ਅਤੇ ਕੰਮ-ਹਰਜਿਆਂ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ। ਆਪਣੇ ਸੰਬੋਧਨ ਦੌਰਾਨ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਕੇਂਦਰੀ ਭਾਜਪਾ ਸਰਕਾਰ ਦੀ ਸਖ਼ਤ ਨਿਖੇਧੀ ਕਰਦਿਆਂ ਇਨ੍ਹਾਂ ਹੱਕੀ ਕਿਸਾਨ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਕੇ ਲਾਗੂ ਕਰਨ ਉੱਤੇ ਜ਼ੋਰ ਦਿੱਤਾ ਅਤੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਤਿੱਖੇ ਕਿਸਾਨ ਸੰਘਰਸ਼ ਦਾ ਸਾਹਮਣਾ ਕਰਨ ਦੀ ਚਿਤਾਵਨੀ ਦਿੱਤੀ। ਵੱਖ ਵੱਖ ਥਾਈਂ ਸੰਬੋਧਨ ਕਰਨ ਵਾਲੇ ਹੋਰ ਮੁੱਖ ਬੁਲਾਰਿਆਂ ਵਿੱਚ ਜਨਰਲ ਸਕੱਤਰ ਤੋਂ ਇਲਾਵਾ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਹਰਦੀਪ ਸਿੰਘ ਟੱਲੇਵਾਲ, ਰੂਪ ਸਿੰਘ ਛੰਨਾਂ, ਜਨਕ ਸਿੰਘ ਭੁਟਾਲ, ਜਗਤਾਰ ਸਿੰਘ ਕਾਲਾਝਾੜ ਅਤੇ ਹਰਿੰਦਰ ਕੌਰ ਬਿੰਦੂ ਸਮੇਤ ਜ਼ਿਲ੍ਹਾ/ਬਲਾਕ ਪੱਧਰ ਦੇ ਆਗੂ ਸ਼ਾਮਲ ਸਨ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.






## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661






## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4’’, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com




# ‘ਸੀਆਈਬੀਸੀ ਰੱਨ ਫ਼ਾਰ ਦ ਕਿਓਰ’ ਵਿਚ ਟੀਪੀਏਆਰ ਕਲੱਬ ਦੇ ਮੈਂਬਰਾਂ ਨੇ ਲਿਆ ਹਿੱਸਾ

**ਦੌੜ ਆਰੰਭ ਹੋਣ ਤੋਂ ਪਹਿਲਾਂ ਬਰੈਂਪਟਨ ਸਾਊਥ ਦੀ ਮੈਂਬਰ ਪਾਰਲੀਮੈਂਟ ਸੋਨੀਆ ਨੇ ਦੌੜਾਕਾਂ ਤੇ ਪ੍ਰਬੰਧਕਾਂ ਨੂੰ ਕੀਤਾ ਸੰਬੋਧਨ**

**ਕਲੱਬ ਦੇ ਵਾਲੰਟੀਅਰਾਂ ਨੇ ਦੋ ‘ਵਾਟਰ-ਸਟੇਸ਼ਨ’ ਕਾਇਮ ਕਰਕੇ ਦੌੜਾਕਾਂ ਦੀ ਕੀਤੀ ਪਾਣੀ ਦੀ ਖ਼ੂਬ ਸੇਵਾ**












ਬਰੈਂਪਟਨ, (ਡਾ. ਝੰਡ) -ਕੈਨੇਡੀਅਨ ਕੈਂਸਰ ਸੋਸਾਇਟੀ ਦੇ ਸਹਿਯੋਗ ਨਾਲ ਕੈਨੇਡੀਅਨ ਇੰਪੀਰੀਅਲ ਬੈਂਕ ਆਫ਼ ਕਾਮਰਸ (ਸੀਆਈਬੀਸੀ) ਵੱਲੋਂ ਪਿਛਲੇ 25 ਸਾਲ ਤੋਂ ਹਰ ਸਾਲ ਅਕਤੂਬਰ ਮਹੀਨੇ ਦੇ ਪਹਿਲੇ ਐਤਵਾਰ ਨੂੰ ‘ਸੀਆਈਬੀਸੀ ਰੱਨ ਫ਼ਾਰ ਦ ਕਿਓਰ’ ਦਾ ਆਯੋਜਨ ਕੀਤਾ ਜਾਂਦਾ ਹੈ। ਇਹ ਦੌੜ 5 ਕਿਲੋਮੀਟਰ ਅਤੇ 1 ਕਿਲੋਮੀਟਰ ਦੂਰੀ ਦੀ ਕਰਵਾਈ ਜਾਂਦੀ ਹੈ ਅਤੇ ਇਸ ਵਿਚ ਡੋਨੇਸ਼ਨ ਰਾਹੀਂ ਇਕੱਤਰ ਹੋਈ ਰਾਸ਼ੀ ਕੈਨੇਡਾ ਵਿਚ ਕੈਂਸਰ ਸਬੰਧੀ ਖੋਜ ਕਰਵਾਉਣ ਵਾਲੀ ਸੰਸਥਾ ‘ਕੈਨੇਡੀਅਨ ਕੈਂਸਰ ਸੋਸਾਇਟੀ’ ਨੂੰ ਦਿੱਤੀ ਜਾਂਦੀ ਹੈ। ਇਸ ਸਾਲ ਪਹਿਲੀ ਅਕਤੂਬਰ ਨੂੰ ਹੋਈ ਦੌੜ ਸਮੇਂ ਇਸ ਪਵਿੱਤਰ ਕੰਮ ਲਈ 14.5 ਮਿਲੀਅਨ ਡਾਲਰ ਦੀ ਰਕਮ ਡੋਨੇਸ਼ਨ ਰਾਹੀਂ ਇਕੱਠੀ ਹੋਈ। ਸੀਆਈਬੀਸੀ ਦੇ ਹੋਰ ਉਪਰਾਲਿਆਂ ਅਤੇ ਵੱਖ-ਵੱਖ ਸਾਧਨਾਂ ਸਦਕਾ ਇਸ ਮਹਾਨ ਕਾਰਜ ਲਈ ਕੁਲ ਰਾਸ਼ੀ 73 ਮਿਲੀਅਨ ਇਕੱਤਰ ਹੋਈ।
‘ਸੀਆਈਬੀਸੀ ਰੱਨ ਫ਼ਾਰ ਦ ਕਿਓਰ 2023’ ਲੰਘੇ ਐਤਵਾਰ ਪਹਿਲੀ ਅਕਤੂਬਰ ਨੂੰ ਕੈਨੇਡਾ ਦੇ 53 ਸ਼ਹਿਰਾਂ ਵਿਚ ਆਯੋਜਿਤ ਕੀਤੀ ਗਈ। ਬਰੈਂਪਟਨ ਵਿਚ ਇਸ ਦੌੜ ਦਾ ਆਯੋਜਨ ਕੈਨੇਡੀ ਰੋਡ ਸਥਿਤ ‘ਸਪੋਰਟਸ ਐਂਡ ਐਂਟਰਟੇਨਮੈਂਟ ਕੰਪਲੈਕਸ (ਸੀਏਏ) ਦੇ ਸਾਹਮਣੇ ਖੁੱਲ੍ਹੀ ਜਗ੍ਹਾ ‘ਤੇ ਕੀਤਾ ਗਿਆ। ਇਹ ਦੌੜ ਇਸ ਥਾਂ ਤੋਂ ਸਵੇਰੇ ਠੀਕ 10.00 ਵਜੇ ਆਰੰਭ ਹੋਈ ਅਤੇ ਦੌੜਾਕਾਂ ਵੱਲੋਂ ਵੱਖ-ਵੱਖ ਸੜਕਾਂ ‘ਤੇ ਨਿਰਧਾਰਿਤ ਰੂਟ ਉੱਪਰ ਦੌੜਨ ਤੋਂ ਬਾਅਦ ਇਸ ਦੀ ਸਮਾਪਤੀ ਵੀ ਏਸੇ ਥਾਂ ‘ਤੇ ਹੋਈ। ਇਸ ਦੌੜ ਲਈ ਪ੍ਰਬੰਧਕਾਂ ਵੱਲੋਂ ਬੜਾ ਸੁਚੱਜਾ ਪ੍ਰਬੰਧ ਕੀਤਾ ਗਿਆ। ਦੌੜ ਆਰੰਭ ਹੋਣ ਤੋਂ ਪਹਿਲਾਂ ਬਰੈਂਪਟਨ ਸਾਊਥ ਦੀ ਮੈਂਬਰ ਪਾਰਲੀਮੈਂਟ ਸੋਨੀਆਂ ਸਿੱਧੂ ਵੱਲੋ ਦੌੜ ਦੇ ਪ੍ਰਬੰਧਕਾਂ ਅਤੇ ਦੌੜਾਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਹੱਲਾਸ਼ੇਰੀ ਦਿੱਤੀ ਗਈ ਅਤੇ ਇਸ ਦੇ ਆਯੋਜਨ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਗਿਆ।

ਇਸ ਦੌੜ ਵਿਚ ਤਿੰਨ ਤਰ੍ਹਾਂ ਦੇ ਦੌੜਾਕ ਸ਼ਾਮਲ ਸਨ। ਗੁਲਾਬੀ ਰੰਗ ਦੀਆਂ ਟੀ-ਸ਼ਰਟਾਂ ਵਿਚ ਕੈਂਸਰ ਦੀ ਨਾ-ਮੁਰਾਦ ਬੀਮਾਰੀ ਨਾਲ ਜੂਝ ਰਹੇ ਜਾਂ ਇਸ ਬੀਮਾਰੀ ਤੋਂ ਮੁਕਤੀ ਪਾ ਚੁੱਕੇ ਵਿਅੱਕਤੀ (ਕੈਂਸਰ ਸਰਵਾਈਵਰਜ) ਸਨ, ਸਫ਼ੈਦ ਟੀ-ਸ਼ਰਟਾਂ ਵਿਚ ਇਸ ਬੀਮਾਰੀ ਨੂੰ ਦੂਰ ਕਰਨ ਵਾਲੇ ਮਹਾਨ ਕਾਰਜ ਨਾਲ ਜੁੜੇ ਹੋਏ ਲੋਕ ਸਨ ਅਤੇ ਲਾਲ ਰੰਗ ਦੀਆਂ ਟੀ-ਸ਼ਰਟਾਂ ਵਿਚ ਸੀਆਈਬੀਸੀ ਦੇ ਕਰਮਚਾਰੀ ਸਨ। ਬਰੈਂਪਟਨ ਵਿਚ ਪਿਛਲੇ 12 ਸਾਲ ਤੋਂ ਸਰਗ਼ਰਮ ‘ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ’ (ਟੀਪੀਏਆਰ ਕਲੱਬ) ਦੇ ਮੈਂਬਰਾਂ ਮਨਜੀਤ ਸਿੰਘ, ਸਿਮਰਤਪਾਲ ਭੁੱਲਰ, ਮਨਜੀਤ ਨੌਟਾ, ਕੁਲਦੀਪ ਗਰੇਵਾਲ, ਬਲਕਾਰ ਸਿੰਘ ਖਾਲਸਾ, ਧਰਮ ਸਿੰਘ ਰੰਧਾਵਾ, ਸੁਰਿੰਦਰ ਸਿੰਘ ਨਾਗਰਾ, ਕਮਲਜੀਤ ਬਾਜਵਾ, ਅਵਤਾਰ ਬੁੱਟਰ, ਭਰਮਿੰਦਰ ਜੱਸੀ ਅਤੇ ਨਰਿੰਦਰ ਕੌਰ ਨੇ ਕਲੱਬ ਦੀਆਂ ਸੰਤਰੇ ਰੰਗ ਦੀਆਂ ਟੀ-ਸ਼ਰਟਾਂ ਨਾਲ 5 ਕਿਲੋਮੀਟਰ ਦੌੜ ਵਿਚ ਭਾਗ ਲਿਆ।

ਇਸ ਦੇ ਨਾਲ ਹੀ ਇਸ ਕਲੱਬ ਵੱਲੋਂ ਬੜੀ ਸੁਚੱਜਤਾ ਨਾਲ ਦੋ ‘ਵਾਟਰ-ਸਟੇਸ਼ਨਾਂ’ ਦਾ ਪ੍ਰਬੰਧ ਕੀਤਾ ਗਿਆ। ਇਨ੍ਹਾਂ ਵਿੱਚੋਂ ਇੱਕ ਤਾਂ ਦੌੜ ਦੇ ਆਰੰਭ ਅਤੇ ਸਮਾਪਤ ਹੋਣ ਵਾਲੀ ਥਾਂ ਦੇ ਬਿਲਕੁਲ ਨਜ਼ਦੀਕ ਸੀ ਅਤੇ ਦੂਸਰਾ ਦੌੜ ਦੇ ਰੂਟ ਦੇ ਅੱਧ-ਵਿਚਕਾਰ ਇਕ ਸੜਕ ਦੇ ਖੱਬੇ ਕਿਨਾਰੇ ‘ਤੇ ਸਥਾਪਿਤ ਕੀਤਾ ਗਿਆ। ਇਨ੍ਹਾਂ ਦੋਹਾਂ ਥਾਵਾਂ ‘ਤੇ ਦੌੜਾਕਾਂ ਦੀ ਪਾਣੀ ਨਾਲ ਸੇਵਾ ਕਰਨ ਵਾਲਿਆਂ ਵਿਚ ਕਲੱਬ ਦੇ ਮੈਂਬਰ ਹਰਭਜਨ ਸਿੰਘ ਗਿੱਲ, ਸੁਖਦੇਵ ਸਿਧਵਾਂ, ਹਰਜੀਤ ਸਿੰਘ, ਹਜ਼ੂਰਾ ਸਿੰਘ ਬਰਾੜ, ਅਵਤਾਰ ਸਿੱਧੂ, ਜੱਸੀ ਭੁੱਲਰ, ਸਰਬਜੀਤ ਸਿੰਘ, ਯੋਗੀ ਗੁਲਿਆਨੀ, ਜੰਗੀਰ ਸਿੰਘ ਸੈਂਹਬੀ, ਸੁਖਦੇਵ ਸਿੰਘ ਝੰਡ, ਹਰਚੰਦ ਸਿੰਘ ਬਾਸੀ, ਅਵਤਾਰ ਸਿੰਘ ਬਾਸੀ, ਅਮਰਜੀਤ ਸਿੰਘ, ਰਣਜੀਤ ਸਿੰਘ ਤੱਗੜ ਅਤੇ ਕਈ ਹੋਰ ਵਾਲੰਟੀਅਰ ਸ਼ਾਮਲ ਸਨ।

ਪਹਿਲੇ ਵਾਟਰ-ਸਟੇਸ਼ਨ ਦੀ ਅਗਵਾਈ ਕਲੱਬ ਦੇ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਅਤੇ ‘ਐਨਲਾਈਟ ਕਿੱਡਜ਼’ ਸੰਸਥਾ ਦੇ ਸੰਸਥਾਪਕ ਨਰਿੰਦਰਪਾਲ ਬੈਂਸ ਕਰ ਰਹੇ ਸਨ ਅਤੇ ਦੂਸਰੇ ਵਾਟਰ-ਸਟੇਸ਼ਨ ਦੀ ਅਗਵਾਈ ਦਾ ਭਾਰ ਤਜਿੰਦਰ ਗਰੇਵਾਲ ਅਤੇ ਜੰਗੀਰ ਸਿੰਘ ਸੈਂਹਬੀ ਦੇ ਮੋਢਿਆਂ ‘ਤੇ ਸੀ। ਇਸ ਦਿਨ ਮੌਸਮ ਦਾ ਮਿਜਾਜ਼ ਕੁਝ ਗਰਮ ਸੀ ਅਤੇ ਦੌੜਾਕਾਂ ਤੇ ਵਾੱਕਰਾਂ ਨੂੰ ਰਸਤੇ ਵਿਚ ਪਿਆਸ ਵੀ ਕਾਫ਼ੀ ਮਹਿਸੂਸ ਹੋ ਰਹੀ ਸੀ। ਉਨ੍ਹਾਂ ਨੂੰ ਪਾਣੀ ਪਿਆਉਣ ਦੀ ਸੇਵਾ ਕਲੱਬ ਦੇ ਸਮੂਹ ਵਾਲੰਟੀਅਰਾਂ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਤਰ੍ਹਾਂ ਇਸ ਸਾਲ ਬਰੈਂਪਟਨ ਵਿਚ ਹੋਈ ਇਸ ‘ਸੀਆਈਬੀਸੀ ਰੱਨ ਫ਼ਾਰ ਦ ਕਿਓਰ’ ਵਿਚ ਟੀਪੀਏਆਰ ਕਲੱਬ ਦੇ ਦੌੜਾਕਾਂ ਵੱਲੋਂ ਇਸ ਵਿਚ ਦੌੜਨ ਦੀ ਅਤੇ ਇਸ ਦੇ ਵਾਲੰਟੀਅਰਾਂ ਵੱਲੋਂ ਦੌੜਾਕਾਂ ਨੂੰ ਪਾਣੀ ਦੀ ਸੇਵਾ ਦੀ ਦੂਹਰੀ ਭੂਮਿਕਾ ਬਾਖ਼ੂਬੀ ਨਿਭਾਈ ਗਈ। ਦੌੜ ਦੇ ਪ੍ਰਬੰਧਕਾਂ ਵੱਲੋਂ ਟੀਪੀਏਆਰ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।
ਇਸ ਸਬੰਧੀ ਹੋਰ ਜਾਣਕਾਰੀ ਲਈ ਸੰਧੂਰਾ ਸਿੰਘ ਬਰਾੜ (415-275-9337), ਨਰਿੰਦਰਪਾਲ ਬੈਂਸ (647-893-3656) ਜਾਂ ਮਨਜੀਤ ਨੌਟਾ (416-301-1968) ਨੂੰ ਸੰਪਰਕ ਕੀਤਾ ਜਾ ਸਕਦਾ ਹੈ। ਟੀਪੀਏਆਰ ਕਲੱਬ ਦੀਆਂ ਸਰਗ਼ਰਮੀਆਂ ਬਾਰੇ ਜਾਣਕਾਰੀ ਲਈ ਇਸ ਦੀ ਵੈੱਬਸਾਈਟ www.tpar-club.com ‘ਤੇ ਜਾਇਆ ਜਾ ਸਕਦਾ ਹੈ।

# ਬੋਨੀਗਲਿਨ ਫ਼ਾਰਮ ਪਾਰਕ ਸੀਨੀਅਰਜ਼ ਕਲੱਬ ਨੇ ਮਨਾਇਆ ਸ਼ਹੀਦ ਭਗਤ ਸਿੰਘ ਦਾ 116ਵਾਂ ਜਨਮ-ਦਿਹਾੜਾ

**ਅੰਮ੍ਰਿਤ ਢਿੱਲੋਂ, ਇੰਦਰਜੀਤ ਢਿੱਲੋਂ, ਐੱਮ.ਪੀ. ਰੂਬੀ ਸਹੋਤਾ, ਐੱਮ.ਪੀ.ਪੀ. ਅਮਰਜੋਤ ਸੰਧੂ ਨੇ ਲਵਾਈ ਸਮਾਗ਼ਮ ’ਚ ਭਰਪੂਰ ਹਾਜ਼ਰੀ**







ਕੈਲੇਡਨ, (ਡਾ. ਝੰਡ) – ਲੰਘੇ ਸ਼ਨੀਵਾਰ 30 ਸਤੰਬਰ ਨੂੰ ਬੋਨੀਗਲਿਨ ਫ਼ਾਰਮ ਪਾਰਕ ਸੀਨੀਅਰਜ਼ ਕਲੱਬ ਨੇ ਸ਼ਹੀਦੇ-ਆਜ਼ਮ . ਭਗਤ ਸਿੰਘ ਦਾ 116’ਵਾਂ ਜਨਮ-ਦਿਨ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ। ਸੱਭ ਤੋਂ ਪਹਿਲਾਂ ਗੁਰ-ਦੇਵ ਸਿੰਘ ਰੱਖੜਾ ਵੱਲੋਂ ਸ਼ਹੀਦਾਂ ਬਾਰੇ ਦੇਸ਼-ਭਗਤੀ ਦੇ ਦੋ ਗੀਤ ਪੇਸ਼ ਕੀਤੇ ਗਏ। ਉਪਰੰਤ, ਮੰਚ-ਸੰਚਾਲਨ ਦੀ ਜ਼ਿੰਮੇਂਵਾਰੀ ਸੰਭਾਲਦਿਆਂ ਮਲੂਕ ਸਿੰਘ ਕਾਹਲੋਂ ਵੱਲੋਂ ਕਲੱਬ ਦੇ ਪ੍ਰਧਾਨ ਤਰਲੋਚਨ ਸਿੰਘ ਗਰੇਵਾਲ, ਸ਼ਹੀਦ ਭਗਤ ਸਿੰਘ ਦੇ ਪਰਿਵਾਰਕ ਮੈਂਬਰਾਂ ਅੰਮ੍ਰਿਤ ਢਿੱਲੋਂ ਤੇ ਬੀਬੀ ਇੰਦਰਜੀਤ ਢਿੱਲੋਂ, ਐੱਮ.ਪੀ.ਪੀ. ਅਮਰਜੋਤ ਸੰਧੂ, ਕਲੱਬ ਦੇ ਖ਼ਜ਼ਾਨਚੀ ਗੁਰਦੇਵ ਸਿੰਘ ਸੇਖੋਂ ਅਤੇ ਸਾਊਥ ਸੀਨੀਅਰਜ ਕਲੱਬ ਦੇ ਪਰਧਾਨ ਜਸਵੰਤ ਸਿੰਘ ਗਰੇਵਾਲ ਨੂੰ ਪ੍ਰਧਾਨਗੀ-ਮੰਡਲ ਵਿਚ ਬਿਰਾਜਣ ਲਈ ਬੇਨਤੀ ਕੀਤੀ ਗਈ।

ਸਮਾਗ਼ਮ ਦੇ ਅਰੰਭ ਵਿਚ ਕਲੱਬ ਦੇ ਪ੍ਰਧਾਨ ਤਰਲੋਚਨ ਸਿੰਘ ਗਰੇਵਾਲ ਨੇ ਸੰਖੇਪ ਤੇ ਭਾਵਪੂਰਤ ਸ਼ਬਦਾਂ ਵਿਚ ਦੱਸਿਆ ਕਿ ਕਿਵੇਂ ਸਦੀਆਂ ਤੋਂ ਇਨ-ਕਲਾਬ ਹੁੰਦੇ ਰਹੇ ਹਨ ਅਤੇ ਕਿਵੇਂ ਸਿੱਖ ਰਹਿਬਰਾਂ ਅਤੇ ਸ. ਭਗਤ ਸਿੰਘ ਨੇ ਇਸ ਪ੍ਰਥਾ ਨੂੰ ਚਾਰ ਚੰਨ ਲਾਏ ਤੇ ਸੰਸਾਰ ਪੱਧਰ ‘ਤੇ ਅਮਰ ਇਨਕਲਾਬੀ ਇਤਿਹਾਸ ਸਿਰਜ ਦਿੱਤਾ। ਉਸ ਤੋਂ ਬਾਅਦ ਐੱਮ.ਪੀ.ਪੀ. ਅਮਰਜੋਤ ਸੰਧੂ ਨੇ ਸ਼ਹੀਦ ਭਗਤ ਸਿੰਘ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਹੋਇਆਂ ਓਨਟਾਰੀਓ ਦੀ ਸੂਬਾ ਸਰਕਾਰ ਵੱਲੋਂ ਸੀਨੀਅਰਜ਼ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਦੱਸਿਆ। ਉਪਰੰਤ, ਅੰਮ੍ਰਿਤ ਢਿੱਲੋਂ ਅਤੇ ਭੈਣ ਜੀ ਇੰਦਰਜੀਤ ਢਿੱਲੋਂ ਵੱਲੋਂ ਸ਼ਹੀਦ ਭਗਤ ਸਿੰਘ ਦੇ ਪਰਿਵਾਰ ਅਤੇ ਉਨ੍ਹਾਂ ਦੀ ਵਿਚਾਰਧਾਰਾ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਜਿਸ ਨੂੰ ਸਰੋਤਿਆਂ ਨੇ ਮੰਤਰ-ਮੁਗਧ ਹੋ ਕੇ ਸੁਣਿਆਂ। ਬੁਲਾਰਿਆਂ ਸ਼ਾਮਲ ਕਾਮਰੇਡ ਜਗਜੀਤ ਸਿੰਘ ਜੋਗਾ ਨੇ ਸ਼ਹੀਦ ਬਗਤ ਸਿੰਘ ਦੀ ਵਿਚਾਰਧਾਰਾ ਨੂੰ ਅਜੋਕੇ ਪ੍ਰਸੰਗ ਨਾਲ ਜੋੜ ਕੇ ਭਾਵਪੂਰਤ ਗੱਲਾਂ ਕੀਤੀਆਂ। ਇਸ ਦੌਰਾਨ ਐੱਮ.ਪੀ. ਰੂਬੀ ਸਹੋਤਾ, ਲਿਬਰਲ ਪਾਰਟੀ ਲੀਡਰ ਦਮਿਤਰੋ, ਕੌਂਸਲਰ ਦੇਵ ਸ਼ਾਨ, ਮਾਸਟਰ ਭੁਪਿੰਦਰ ਸਿੰਘ, ਤਰਕਸ਼ੀਲ ਸੋਸਾਇਟੀ ਆਫ਼ ਕੈਨੇਡਾ ਦੇ ਜਨਰਲ ਸਕੱਤਰ ਬਲਦੇਵ ਸਿੰਘ ਰਹਿਪਾ ਅਤੇ ਹੁਨਰ ਕਾਹਲੋਂ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਗਏ। ਪਰਮਜੀਤ ਸਿੰਘ ਢਿੱਲੋਂ ਆਪਣ ਖ਼ੂਬਸੂਰਤ ਗੀਤ ਰਾਹੀਂ ਬਹੁਤ ਵਧੀਆ ਹਾਜ਼ਰੀ ਲਵਾਈ। ਇੱਥੇ ਇਹ ਵਰਨਣਯੋਗ ਹੈ ਕਿ ਇਸ ਸਮਾਗ਼ਮ ਵਿਚ ਬੀਬੀਆਂ ਅਤੇ ਨੌਜੁਆਨ ਵੱਡੀ ਗਿਣਤੀ ਵਿਚ ਸ਼ਾਮਲ ਹੋਏ। ਸਾਰੇ ਪ੍ਰੋਗਰਾਮ ਦੌਰਾਨ ਖਾਣ-ਪੀਣ ਅਤੇ ਚਾਹ-ਪਾਣੀ ਦਾ ਬਹੁਤ ਵਧੀਆ ਪ੍ਰਬੰਧ ਰਵਿੰਦਰ ਸਿੰਘ ਜੋਗਾ ਵੱਲੋਂ ਕੀਤਾ ਗਿਆ। ਅਖ਼ੀਰ ਵਿਚ ਮਲੂਕ ਸਿੰਘ ਕਾਹਲੋਂ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਗਤ ਸਿੰਘ ਇੱਕ ਵਿਸ਼ੇਸ਼ ਵਿਅੱਕਤੀ ਦਾ ਨਾਂ ਨਹੀਂ ਹੈ, ਸਗੋਂ ਉਹ ਤਾਂ ਇੱਕ ਵਿਚਾਰਧਾਰਾ ਹੈ ਅਤੇ ਵਿਚਾਰਧਾਰਾ ਵੀ ਉਹ ਜੋ ਹੁਣ ਵੀ ਓਸੇ ਤਰ੍ਹਾਂ ਹੀ ਜੀਵੰਤ ਹੈ। ਭਗਤ ਸਿੰਘ ਦੂਰ-ਅੰਦੇਸ਼

ਨੌਜੁਆਨ ਸੀ। ਲੱਗਭੱਗ 100 ਸਾਲ ਪਹਿਲਾਂ ਉਸ ਦੀਆਂ ਕਹੀਆਂ ਹੋਈਆਂ ਗੱਲਾਂ ਅਤੇ ਵਿਚਾਰ ਅੱਜ ਵੀ ਸਾਰਥਿਕ ਸਾਬਤ ਹੋ ਰਹੇ ਹਨ। ਉਸ ਦੀ ਵਿਚਾਰਧਾਰਾ ਅਮਰ ਹੈ ਅਤੇ ਇਹ ਅਮਰ ਰਹੇਗੀ।
ਸਮਾਗ਼ਮ ਵਿਚ ਬਲਤੇਜ ਸਿੰਘ ਬਰਾੜ, ਅਮਰਜੀਤ ਸਿੰਘ ਸਾਂਪਲੇ, ਸੁਰਜੀਤ ਸਿੰਘ ਵਿਰਕ ਸੀਨੀਅਰ ਤੇ ਜੂਨੀਅਰ, ਹਰਭਜਨ ਸਿੰਘ ਐੱਸ.ਡੀ.ਓ., ਮੋਹਨ ਸਿੰਘ, ਜੰਗ ਬਹਾਦਰ ਵਾਸੂਦੇਵ, ਰੌਸ਼ਨ ਲਾਲ ਭਗਤਾ ਭਾਈ, ਬਲਦੇਵ ਸਿੰਘ ਢੇਸੀ, ਕਰਮਜੀਤ ਸਿੰਘ ਗਿੱਲ, ਗੁਰਦੀਪ ਸਿੰਘ ਗਿੱਲ, ਸਰਪੰਚ ਅਜਾਇਬ ਸਿੰਘ, ਤਰਲੋਚਨ ਸਿੰਘ, ਸੁਰਜੀਤ ਸਿੰਘ ਖਹਿਰਾ, ਜਰਨੈਲ ਸੰਘ ਰੰਧਾਵਾ, ਬਲਜੀਤ ਸਿੰਘ ਗਿੱਲ, ਹਰਲਿਵਲੀਨ ਕਾਹਲੋਂ, ਮੱਘਰ ਸਿੰਘ ਵਿਰਕ, ਧਰਮ ਸਿੰਘ ਭੰਗੂ, ਭਜਨ ਸਿੰਘ ਸੇਖੋਂ, ਹਰਯਾਦਨ ਸਿੰਘ ਰੱਖੜਾ, ਚਮਕੌਰ ਸਿੰਘ ਸੋਹਲ, ਗੁਰਮੁਖ ਸਿੰਘ ਬਰਾੜ, ਜੋਗਿੰਦਰ ਸਿੰਘ ਸਿੱਧੂ, ਗੁਲਜ਼ਾਰ ਸਿੰਘ ਦਿਓਲ, ਗੁਰਮੀਤ ਸਿੰਘ, ਅਮਰੀਕ ਸਿੰਘ ਬਾਜਵਾ, ਸਰਬਜੀਤ ਸਿੰਘ ਗਰੇਵਾਲ ਅਤੇ ਕਈ ਹੋਰ ਅਹਿਮ ਸ਼ਖ਼ਸੀਅਤਾਂ ਸ਼ਾਮਲ ਸਨ।




# ਡਫ਼ਰਨ-ਕੈਲੇਡਨ ’ਚ ਲਿਬਰਲ ਪਾਰਟੀ ਨੂੰ ਮਿਲਿਆ ਲੋਕਾਂ ਦਾ ਭਰਪੂਰ ਹੁੰਗਾਰਾ

**ਕੈਲੇਡਨ ਚੋਣ ਹਲਕੇ ਵਿਚ ਨਵੀਂ ਟੀਮ ਦਾ ਕੀਤਾ ਗਿਆ ਗਠਨ, ਗਿਆਰਾਂ-ਮੈਂਬਰੀ ਸਲੇਟ ਵਿਚ ਜਿੱਤੇ ਤਿੰਨ ਪੰਜਾਬੀ**

ਕੈਲੇਡਨ, (ਡਾ. ਝੰਡ) – ਲੰਘੇ ਬੁੱਧਵਾਰ ਡਫ਼ਰਨ-ਕੈਲੇਡਨ ਚੋਣ ਹਲਕੇ ਵਿਚ ਲੋਕਾਂ ਵੱਲੋਂ ਬੜੇ ਉਤਸ਼ਾਹ ਅਤੇ ਉਮਾਹ ਨਾਲ ਨਵੀਂ ਟੀਮ ਦੀ ਚੋਣ ਕੀਤੀ ਗਈ। ਪਿਛਲੇ ਲੰਮੇਂ ਸਮੇਂ ਤੋਂ ਇਸ ਹਲਕੇ ਵਿਚ ਪੀ.ਸੀ. ਪਾਰਟੀ ਦਾ ਪੂਰਾ ਗ਼ਲਬਾ ਰਿਹਾ ਹੈ ਅਤੇ ਹੁਣ ਲਿਬਰਲ ਪਾਰਟੀ ਨੇ ਇੱਥੇ ਆਪਣੇ ਪੈਰ ਜਮਾਏ ਹਨ। ਇਹ ‘ਕ੍ਰਿਸ਼ਮਾ’ ਇੱਥੇ ਕੈਲੇਡਨ ਵਿਚ ਪੰਜਾਬੀ ਵਸੋਂ ਦੇ ਵੱਧਣ ਦੇ ਕਾਰਨ ਹੋਇਆ ਲੱਗਦਾ ਹੈ, ਕਿਉਂਕਿ ਪਿਛਲੇ ਸਾਲਾਂ ਵਿਚ ਪੰਜਾਬੀ ਕਮਿਊਨਿਟੀ ਦਾ ਝੁਕਾਅ ਵਧੇਰੇ ਕਰਕੇ ਲਿਬਰਲ ਪਾਰਟੀ ਵੱਲ ਹੀ ਰਿਹਾ ਹੈ। ਇਸ ਦਾ ਕਾਰਨ ਇਹ ਹੋ ਸਕਦਾ ਹੈ ਕਿ ਪੰਜਾਬੀ ਕਮਿਊਨਿਟੀ ਲਿਬਰਲ ਪਾਰਟੀ ਦੀਆਂ ਨੀਤੀਆਂ ਨੂੰ ਬੇਹਤਰ ਸਮਝਦੀ ਹੈ।

ਇਸ ਵਾਰ ਚੋਣ ਵਿਚ ਪੰਜਾਬੀਆਂ ਨੇ ਸਲੇਟ ਦੀ ਚੋਣ ਵਿਚ ਬੜੀ ਸਰਗ਼ਰਮੀ ਨਾਲ ਹਿੱਸਾ ਲਿਆ ਅਤੇ ਸੀਨੀਅਰਜ਼ ਕਲੱਬਾਂ ਨੇ ਵਿਸ਼ੇਸ਼ ਕਰਕੇ ਇਸ ਚੋਣ-ਪ੍ਰਕਿਰਿਆ ਵਿਚ ਆਪਣੀ ਭਰਵੀਂ ਹਾਜ਼ਰੀ ਲਵਾਈ। ਬੁੱਧਵਾਰ ਨੂੰ ਹੋਈ ਚੋਣ ਵਿਚ ਚੇਅਰਪਰਨ ਦਮਿਤਰੋ ਬਾਸਮਤ ਦੀ ਸਲੇਟ ਵੱਡੇ ਬਹੁਮੱਤ ਨਾਲ ਕਾਮਯਾਬ ਹੋਈ। ਇੱਥੇ ਇਹ ਜ਼ਿਕਰਯੋਗ ਹੈ ਕਿ ਗਿਆਰਾਂ ਮੈਂਬਰੀ ਸਲੇਟ ਵਿਚ ਤਿੰਨ ਪੰਜਾਬੀ ਚੁਣੇ ਗਏ ਹਨ ਜਿਨ੍ਹਾਂ ਵਿਚ ਰਵਿੰਦਰ ਜੋਗਾ, ਹੁਨਰ ਕਾਹਲੋਂ ਅਤੇ ਇਕ ਨੌਜੁਆਨ ਬੀਬੀ ਕੇਰਨ ਡਡਵਾਲ ਸ਼ਾਮਲ ਹਨ। ਨਵੀਂ ਟੀਮ ਨੇ ਕੈਲਾਡਨ ਤੇ ਡਫ਼ਰਨ ਵਾਸੀਆਂ ਨੂੰ ਇਸ ਹਲਕੇ ਦੀ ਬੇਹਤਰੀ ਲਈ ਸਥਾਨਕ ਮੁੱਦੇ ਉਭਾਰਨ ਅਤੇ ਉਨ੍ਹਾਂ ਨੂੰ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ ਹੈ।

# ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੂੰ ਸਿਹਤ ਅਤੇ ਪਰਿਵਾਰ ਭਲਾਈ ਬਾਰੇ ਸਟੈਂਡਿੰਗ ਕਮੇਟੀ ਦੇ ਮੈਂਬਰ ਵਜੋਂ ਦੁਬਾਰਾ ਨਾਮਜ਼ਦ ਕੀਤਾ



ਲੁਧਿਆਣਾ, 3 ਅਕਤੂਬਰ (ਪੋਸਟ ਬਿਊਰੋ): ਲੁਧਿਆਣਾ ਤੋਂ ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੂੰ ਇੱਕ ਹੋਰ ਸਾਲ ਲਈ ਸਿਹਤ ਅਤੇ ਪਰਿਵਾਰ ਭਲਾਈ ਬਾਰੇ ਸਟੈਂਡਿੰਗ ਕਮੇਟੀ ਦੇ ਮੈਂਬਰ ਵਜੋਂ ਮੁੜ ਨਾਮਜ਼ਦ ਕੀਤਾ ਗਿਆ ਹੈ।

ਅਰੋੜਾ ਨੇ ਉਪ ਰਾਸ਼ਟਰਪਤੀ ਅਤੇ ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਅਤੇ ਆਪਣੀ ਪਾਰਟੀ ਲੀਡਰਸ਼ਿਪ ਦਾ ਸਿਹਤ ਅਤੇ ਪਰਿਵਾਰ ਭਲਾਈ ਬਾਰੇ ਸਟੈਂਡਿੰਗ ਕਮੇਟੀ ਦੇ ਮੈਂਬਰ ਵਜੋਂ ਉਨ੍ਹਾਂ ਦੇ ਨਾਂ ਦੀ ਸਿਫ਼ਾਰਸ਼ ਕਰਨ ਜਾਂ ਉਨ੍ਹਾਂ ਦਾ ਕਾਰਜਕਾਲ ਵਧਾਉਣ ਲਈ ਧੰਨਵਾਦ ਕੀਤਾ ਹੈ। ਅੱਜ ਇੱਥੇ ਇੱਕ ਬਿਆਨ ਵਿੱਚ, ਉਨ੍ਹਾਂ ਨੇ ਕਿਹਾ ਕਿ ਉਹ ਦੇਸ਼ ਵਿੱਚ ਸਿਹਤ ਸਹੂਲਤਾਂ ਦੀ ਬਿਹਤਰੀ ਲਈ ਕੰਮ ਕਰਨ ਲਈ ਉਨ੍ਹਾਂ ਦੀ ਕਾਬਲੀਅਤ ਵਿੱਚ ਦਿਖਾਏ ਗਏ ਭਰੋਸੇ ਲਈ ਧੰਨਵਾਦੀ ਹਨ।

ਅਰੋੜਾ ਨੇ ਕਿਹਾ ਕਿ ਉਹ ਸਮਾਜ ਦੀ ਭਲਾਈ ਅਤੇ ਬਿਹਤਰੀ ਲਈ ਕੰਮ ਕਰਨ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਆਯੂਸ਼ਮਾਨ ਭਾਰਤ ਨੂੰ ਲਾਗੂ ਕਰਨ, ਮਾਨਸਿਕ ਸਿਹਤ ਸੰਭਾਲ ਅਤੇ ਇਸ ਦੇ ਪ੍ਰਬੰਧਨ, ਪ੍ਰਧਾਨ ਮੰਤਰੀ ਟੀਬੀ ਮੁਕਤ ਭਾਰਤ ਅਭਿਆਨ ਨੂੰ ਲਾਗੂ ਕਰਨ, ਕੇਂਦਰ ਸਰਕਾਰ ਦੀਆਂ ਸਿਹਤ ਸੇਵਾਵਾਂ (ਸੀਜੀਐਚਐਸ) ਦੇ ਕੰਮਕਾਜ ਅਤੇ ਮੈਡੀਕਲ ਸਿੱਖਿਆ ਦੀ ਗੁਣਵੱਤਾ 'ਤੇ ਹੋਈ ਚਰਚਾ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਸਰਕਾਰ ਦੇਸ਼ ਵਿੱਚੋਂ ਟੀਬੀ ਦੇ 100 ਫੀਸਦੀ ਖਾਤਮੇ ਲਈ ਵਚਨਬੱਧ ਹੈ।

ਅਰੋੜਾ, ਜੋ ਕਿ ਡੀਐਮਸੀਐਚ ਮੈਨੇਜਿੰਗ ਸੁਸਾਇਟੀ, ਲੁਧਿਆਣਾ ਦੇ ਮੀਤ ਪ੍ਰਧਾਨ ਵੀ ਹਨ, ਨੇ ਹਮੇਸ਼ਾ ਦੁਖੀ ਮਨੁੱਖਤਾ ਅਤੇ ਲੋੜਵੰਦ ਲੋਕਾਂ ਲਈ ਕੰਮ ਕਰਨ ਦੀ ਪਹਿਲਕਦਮੀ ਕੀਤੀ ਹੈ। ਉਨ੍ਹਾਂ ਦੇ ਇਸ ਉਪਰਾਲੇ ਸਦਕਾ ਨਵੀਂ ਦਿੱਲੀ ਦੇ ਰਹਿਣ ਵਾਲੇ ਕਰੀਬ ਡੇਢ ਸਾਲ ਦੇ ਕਨਵ ਜਾਂਗੜਾ ਦਾ 17.50 ਕਰੋੜ ਰੁਪਏ (21 ਲੱਖ ਅਮਰੀਕੀ ਡਾਲਰ) ਦਾ ਇਲਾਜ ਹੋ ਸਕਿਆ ਹੈ। ਅਰੋੜਾ ਦੀ ਪਹਿਲਕਦਮੀ 'ਤੇ ਸ਼ਹਿਰ-ਅਧਾਰਤ ਐਨਜੀਓ ਕ੍ਰਿਸ਼ਨਾ ਪ੍ਰਾਣ ਬ੍ਰੈਸਟ ਕੈਂਸਰ ਚੈਰੀਟੇਬਲ ਟਰੱਸਟ ਅਤੇ ਸਮਵੇਦਨਾ ਟਰੱਸਟ ਦੁਆਰਾ ਦਾਨ ਦੀ ਇੱਕ ਵਿਸ਼ਾਲ ਮੁਹਿੰਮ ਸ਼ੁਰੂ ਕਰਨ ਤੋਂ ਬਾਅਦ ਹੀ ਕਨਵ ਦੇ ਇਲਾਜ ਲਈ ਵੱਡੀ ਰਕਮ ਇਕੱਠੀ ਕੀਤੀ ਗਈ ਸੀ।

ਅਰੋੜਾ ਦੁਆਰਾ ਸ਼ਹਿਰ ਸਥਿਤ ਐਨਜੀਓ ਕ੍ਰਿਸ਼ਨਾ ਪ੍ਰਾਣ ਬ੍ਰੈਸਟ ਕੈਂਸਰ ਚੈਰੀਟੇਬਲ ਟਰੱਸਟ ਨੂੰ ਸਾਲਾਂ ਤੋਂ ਚਲਾਇਆ ਜਾ ਰਿਹਾ ਹੈ। ਇਹ ਐਨਜੀਓ ਹਰ ਸਾਲ ਅਕਤੂਬਰ ਮਹੀਨੇ ਵਿੱਚ ਬ੍ਰੈਸਟ ਕੈਂਸਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰਦੀ ਹੈ। ਅਰੋੜਾ ਨੇ ਦੱਸਿਆ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਬ੍ਰੈਸਟ ਕੈਂਸਰ ਸਬੰਧੀ ਜਾਗਰੂਕਤਾ ਲਈ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇੱਥੇ ਦੱਸ ਦੇਈਏ ਕਿ ਅਕਤੂਬਰ ਦਾ ਮਹੀਨਾ ਬ੍ਰੈਸਟ ਕੈਂਸਰ ਜਾਗਰੂਕਤਾ ਮਹੀਨੇ ਵਜੋਂ ਜਾਣਿਆ ਜਾਂਦਾ ਹੈ। ਕ੍ਰਿਸ਼ਨਾ ਬ੍ਰੈਸਟ ਕੈਂਸਰ ਚੈਰੀਟੇਬਲ ਟਰੱਸਟ ਵਿੱਚ ਹੁਣ ਤੱਕ 250 ਤੋਂ ਵੱਧ ਕੈਂਸਰ ਦੇ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾ ਚੁੱਕਾ ਹੈ।

ਅਰੋੜਾ ਨੇ ਸਾਰਿਆਂ ਲਈ ਸਸਤੀਆਂ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਵੀ ਕਾਫੀ ਕੰਮ ਕੀਤਾ ਹੈ। ਉਨ੍ਹਾਂ ਨੇ ਇਹ ਮੁੱਦਾ ਲਗਭਗ ਹਰ ਪਲੇਟਫਾਰਮ 'ਤੇ ਉਠਾਇਆ ਹੈ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਸਿਹਤ ਸੇਵਾਵਾਂ ਬਹੁਤ ਮਹਿੰਗੀਆਂ ਹੋ ਗਈਆਂ ਹਨ, ਜਿਸ ਕਾਰਨ ਆਮ ਆਦਮੀ ਲਈ ਇਸ ਨੂੰ ਚੁੱਕਣਾ ਬਹੁਤ ਔਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨੂੰ ਸਾਰਿਆਂ ਲਈ ਕਿਫਾਇਤੀ ਬਣਾਉਣਾ ਇਸ ਸੈਕਟਰ ਦੇ ਸਾਰੇ ਹਿੱਸੇਦਾਰਾਂ ਦੀ ਜ਼ਿੰਮੇਵਾਰੀ ਹੈ।

# ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮੌਕੇ ਸੀਨੀਅਰ ਸਿਟੀਜ਼ਨਜ਼ ਦਾ ਸਨਮਾਨ







ਮੋਗਾ, 3 ਅਕਤੂਬਰ (ਗਿਆਨ ਸਿੰਘ): ਓਲਡ ਸਿਟੀ ਪੁਲਿਸ ਰੋਡ ਸਥਿਤ ਗਿਲਡੇਨ ਹੋਟਲ ਐਂਡ ਰੈਸਟੋਰੈਂਟ ਵਿਖੇ ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸਾਰੇ ਸੰਸਾਰ ਦੇ ਭਲੇ ਲਈ ਪਰਮੇਸ਼ੁਰ ਪਿਤਾ ਨੂੰ ਪ੍ਰਾਰਥਨਾ ਕੀਤੀ, ਕਿ ਹੇ ਪ੍ਰਭੂ, ਸਾਰੀ ਮਨੁੱਖਤਾ 'ਤੇ ਆਪਣੀ ਕਿਰਪਾ ਰੱਖੋ। ਭਾਰਤ ਦੇ ਰਾਸ਼ਟਰੀ ਝੰਡੇ ਨੂੰ ਸ਼ਲਾਮੀ ਦਿੱਤੀ ਗਈ। ਬਲੂਮਿੰਗ ਬਰਡ ਸੈਂਕਚੁਰੀ ਸਕੂਲ ਦੇ ਚੇਅਰਮੈਨ ਸੰਜੀਵ ਕੁਮਾਰ ਸੈਣੀ ਮੁੱਖ ਮਹਿਮਾਨ ਅਤੇ ਜੀਜੀ ਐਗਰੋਟੈਕ ਦੇ ਐ ਮਡੀ ਨਰੇਸ਼ ਗੋਇਲ (ਕਿੱਟੂ) ਵਿਸ਼ੇਸ਼ ਮਹਿਮਾਨ ਸਨ। ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਦਾਨੀ ਨੇ ਸਾਰੇ ਮਹਿਮਾਨਾਂ ਅਤੇ ਸੁਸਾਇਟੀ ਦੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਸਮਾਗਮ ਵਿੱਚ ਹਾਜ਼ਰ ਹੋਣ ਲਈ ਵਧਾਈ ਦਿੱਤੀ। ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੀਆਂ ਸਮਾਜ ਦੀਆਂ ਮਹਾਨ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਪ੍ਰਾਪਤੀਆਂ ਹਾਸਲ ਕੀਤੀਆਂ। ਮਹਾਜਨ ਸਰਜੀਕਲ ਸਪੈਸ਼ਲਿਸਟ ਅਤੇ ਬਿੱਟੂ ਕਾਲਾੜਾ ਮੁੱਖ ਸੇਵਾਦਾਰ ਸ੍ਰਵਿ ਕ੍ਰਿਪਾ ਬਿਰਧ ਆਸ਼ਰਮ ਬੇਦੀ ਨਗਰ ਨੂੰ ਸਮਾਜ ਨੂੰ ਵਿਸ਼ੇਸ਼ ਤੌਰ 'ਤੇ ਸਮਰਪਿਤ ਕੀਤੀਆਂ ਜਾ ਰਹੀਆਂ ਸੇਵਾਵਾਂ ਲਈ ਫੁੱਲਾਂ ਦੇ ਹਾਰ, ਦੋਸ਼ਾਲਾ ਅਤੇ ਯਾਦਗਾਰੀ ਚਿੰਨ੍ਹ ਪਾ ਕੇ ਸਨਮਾਨਿਤ ਕੀਤਾ ਗਿਆ ਤਾਂ ਜੋ ਇਹ ਮਹਾਨ ਸ਼ਖਸੀਅਤਾਂ ਗੁਲਾਬ ਵਰਗੀ ਮਹਿਕ ਨਾਲ ਸਮਾਜ ਨੂੰ ਆਪਣੀਆਂ ਸ਼ਾਨਦਾਰ ਸੇਵਾਵਾਂ ਪ੍ਰਦਾਨ ਕਰਦੀਆਂ ਰਹਿਣ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਚਮਨ ਲਾਲ ਗੋਇਲ, ਸੰਤ ਰਾਮ ਗੁਪਤਾ ਅਤੇ ਸੁਰਿੰਦਰ ਅਗਰਵਾਲ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਫੁੱਲਾਂ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ ਗਈ। ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮੌਕੇ ਸੁਸਾਇਟੀ ਦੇ ਜਨਰਲ ਸਕੱਤਰ ਪ੍ਰਿਯਵਰਤ ਗੁਪਤਾ ਨੇ ਕਿਹਾ ਕਿ ਸੀਨੀਅਰ ਸਿਟੀਜ਼ਨ ਵੈਲਫੇਅਰ ਐਂਡ ਮੇਨਟੇਨੈਂਸ ਐਕਟ 2007 ਅਤੇ 2019 ਤਹਿਤ ਸੀਨੀਅਰ ਸਿਟੀਜ਼ਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਵਿਦੇਸ਼ੀ ਸਰਕਾਰਾਂ ਦੀ ਤਰਜ ਤੇ ਤਵੱਜੋ ਦਿੱਤੀ ਜਾਣੀ ਚਾਹੀਦੀ ਹੈ ਕਿ ਤਾਂ ਜੋ ਸੀਨੀਅਰ ਨਾਗਰਿਕਾਂ ਨੂੰ ਸਮਾਜਿਕ ਸੁਰੱਖਿਆ, ਸਿਹਤ ਅਤੇ ਸਮਾਜ ਵਿੱਚ ਆਪਣੀ ਸਾਖ ਬਣਾਈ ਰੱਖਣ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਤਾਂ ਜੋ ਸਮਾਜ ਵਿੱਚ ਸਵੈ-ਮਾਣ ਨਾਲ ਆਪਣਾ ਜੀਵਨ ਬਤੀਤ ਕਰ ਸਕਣ।

ਸਮਾਗਮ ਦੇ ਮੁੱਖ ਮਹਿਮਾਨ ਸੰਜੀਵ ਕੁਮਾਰ ਸੈਣੀ ਅਤੇ ਸੁਸਾਇਟੀ ਦੇ ਕਾਨੂੰਨੀ ਸਲਾਹਕਾਰ ਵਿਜੇ ਧੀਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਬਜ਼ੁਰਗ ਨਾਗਰਿਕ ਇਸ ਦੇਸ਼ ਅਤੇ ਸਮਾਜ ਲਈ ਇੱਕ ਕੀਮਤੀ ਸੰਪਤੀ ਹਨ ਕਿਉਂਕਿ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਚੰਗੇ ਪਰਿਵਾਰ ਅਤੇ ਸਮਾਜ ਦੀ ਸੰਭਾਲ ਅਤੇ ਨਿਰਮਾਣ ਵਿੱਚ ਬਿਤਾਇਆ ਹੈ ਅਤੇ ਇਸ ਉਮਰ ਵਿੱਚ ਪਰਿਵਾਰ ਅਤੇ ਸਮਾਜ ਵਿੱਚ ਆਪਣੀ ਇੱਜ਼ਤ ਬਣਾਈ ਰੱਖਣ ਦੇ ਹੱਕਦਾਰ ਹਨ। ਸਾਨੂੰ ਅਜਿਹੇ ਸਮਾਰੋਹਾਂ 'ਤੇ ਬੱਚਿਆਂ ਨੂੰ ਉਨ੍ਹਾਂ ਦੇ ਚੰਗੇ ਵਿਵਹਾਰ ਅਤੇ ਆਪਣੇ ਬਜ਼ੁਰਗਾਂ ਪ੍ਰਤੀ ਸਤਿਕਾਰ ਬਾਰੇ ਜਾਗਰੂਕ ਕਰਨ ਦੀ ਵੀ ਲੋੜ ਹੈ।

ਇਸ ਮੌਕੇ ਬਲਵੰਤ ਰਾਏ ਗੋਇਲ ਅਤੇ ਨਰੇਸ਼ ਮਹਿੰਦੀਰੱਤਾ ਨੇ ਆਪਣੇ ਗੀਤ ਸੰਗੀਤ ਨਾਲ ਇਸ ਮਹਿਫਿਲ ਨੂੰ ਰੰਗੀਨ ਬਣਾ ਦਿੱਤਾ। ਇਸ ਮੌਕੇ ਸੁਸਾਇਟੀ ਦੇ ਮੁੱਖ ਸਲਾਹਕਾਰ ਐਸ ਕੇ ਬਾਂਸਲ ਐਨਜੀਓ ਜ਼ਿਲ੍ਹਾ ਕੋਆਰਡੀਨੇਟਰ ਅਤੇ ਬਲਵਿੰਦਰ ਸਿੰਘ ਜ਼ਿਲ੍ਹਾ ਸਵੀਪ ਕਮੇਟੀ ਨੇ ਚੋਣ ਕਮਿਸ਼ਨ ਵੱਲੋਂ ਸੀਨੀਅਰ ਸਿਟੀਜ਼ਨਾਂ ਨੂੰ ਚੋਣਾਂ ਵਿੱਚ ਵੋਟ ਪਾਉਣ ਦੇ ਦਿੱਤੇ ਅਧਿਕਾਰਾਂ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਤਾਂ ਜੋ ਸੀਨੀਅਰ ਵੋਟਰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋ ਸਕਣ। ਉਰਮਿਲ ਸ਼ਰਮਾ ਅਤੇ ਕੇਵਲ ਬਾਂਸਲ ਨੇ ਚੁਟਕਲੇ ਅਤੇ ਕੁਇਜ਼ ਕੁਇਜ਼ ਮੁਕਾਬਲੇ ਰਾਹੀਂ ਦਿਮਾਗ ਦੀ ਕਸਰਤ ਕਰਵਾਉਣ ਲਈ ਕੋਈ ਕਸਰ ਨਹੀਂ ਛੱਡੀ। ਇਸ ਤੋਂ ਇਲਾਵਾ ਸਨਮਾਨਿਤ ਸੀਨੀਅਰ ਸਿਟੀਜ਼ਨਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਵਿਸ਼ੇਸ਼ ਸਥਾਨ ਬਣਾਉਣ ਦੇ ਆਪਣੇ ਤਜ਼ਰਬੇ ਵੀ ਸਾਂਝੇ ਕੀਤੇ।

ਸੁਸਾਇਟੀ ਦੀਆਂ ਗਤੀਵਿਧੀਆਂ ਤੋਂ ਪ੍ਰਭਾਵਿਤ ਹੋ ਕੇ ਜਸਵੰਤ ਸਿੰਘ ਡਿਪਟੀ ਚੀਫ ਇੰਜੀਨੀਅਰ ਅਤੇ ਸ਼ਿਵ ਸ਼ੰਕਰ ਕਥੂਰੀਆ ਅਰਜੀ ਨਵੀਸ ਮੈਂਬਰਸ਼ਿਪ ਵਿੱਚ ਸ਼ਾਮਲ ਹੋਏ। ਇਸ ਮੌਕੇ ਵੀਪੀ ਸੇਠੀ, ਪੀ ਐਨ ਮਿੱਤਲ, ਕੇਵਲ ਬਾਂਸਲ ਉਰਮਿਲ ਸ਼ਰਮਾ, ਵਿਜੇ ਧੀਰ ਸੀਨੀਅਰ ਐਡਵੋਕੇਟ, ਅਮਰਜੀਤ ਜੱਸਲ, ਵਿਜੇ ਸਿੰਗਲਾ, ਕੇਵਲ ਸਿੰਘ ਸਾਬਕਾ ਸੰਸਦ ਮੈਂਬਰ, ਰਵਿੰਦਰ ਮਿੱਤਲ, ਅਵਿਨਾਸ਼ ਗੁਪਤਾ, ਵਿਮਲ ਜੈਨ, ਹਰਭਜਨ ਸਿੰਘ, ਆਰਕੇ ਗੁਪਤਾ, ਪਰਮਜੀਤ ਅਰੋੜਾ, ਗੁਰਬੀਰ ਸਿੰਘ ਜੱਸਲ, ਹਰਭਗਵਾਨ ਖੁਰਾਣਾ, ਦਿਆਲ ਸਿੰਘ, ਪਵਨ ਕਪੂਰ, ਰਜਿੰਦਰ ਸ਼ਰਮਾ, ਜਨਕ ਰਾਜ ਛਾਬੜਾ, ਜੀਡੀ ਕੁਮਾਰ, ਅਸ਼ੋਕ ਕਾਂਸਲ, ਕੇਕੇ ਗੁਪਤਾ ਸੀਨੀਅਰ ਐਡਵੋਕੇਟ, ਰਮਨ ਗੁਪਤਾ, ਗੁਰਦਸ਼ਾਨ ਸੇਠੀ, ਕੁਲਵੰਤ ਹਾਂਡਾ, ਵਿਨੋਦ ਨੋਹਰੀਆ, ਕੇ ਆਰ ਗੁਪਤਾ ਆਦਿ ਹਾਜ਼ਰ ਸਨ।



URGENTLY NEED NEW LISTINGS IN BRAMPTON/CALEDON
visit: www.teamjagaujla.com



ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਥਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੁਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)




ਸ਼ਾਨਦਾਰ ਤੇ ਸਾਫ ਸੁਥਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044









Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


THE UNTOLD STORY OF
SHAHEED KARTAR SINGH SARABHA
PRESS CONFRENCE
COURTYARD BY MARRIOT BRAMPTON
OCTOBER 9TH - 5:00PM
90 BISCAYNE CRES., BRAMPTON ON L6W4S1
FOR MORE INFO CONTACT:
GURSHARAN MANN - 416-854-2923
DARKHAN PUNJAB
PRESENTS
ਸ਼ਹੀਦ ਕਰਤਾਰ ਸਿੰਘ ਸਰਾਭਾ
ਦੀ ਉਹ ਕਹਾਣੀ ਜੋ ਕਦੀ ਨਹੀਂ ਸੁਣਾਈ ਗਈ
SARABHA
A FILM BY KAVI RAZ
ਸਰਾਭਾ
PRODUCERS: ARVIND SINGLA | KULDEEP SHARMA | VEEPASHA KASHYAP | SARBJIT HUNDAL | ANIL UPPAL | ANIL YADAV | KAVI RAZ
AMRIT GREWAL SARABHA | JATINDER JAY MINHAS. STARRING: JAPTEJ SINGH | MUKUL DEV | KAVI RAZ | KANWAR GREWAL | JASBIR JASSI
PRITHVI RAAJ SINGH SIDHU JASPINDER CHEEMA | MALKEET RAUNI | MAHABIR BHULLAR | MALKIAT MEET | ANKUR RATHEE
SUMEND WANKHANDE | GURPREET RATOL | AMANINDER DHILLON | SAMEER SHARMA | AKAASH YADAV | SHARHAAN SINGH | KABIR GILL
DARREN TASSELL | ALEX REECE | SPECIAL APPEARANCE: JOBANPREET SINGH. EXECUTIVE PRODUCER: SWARAN SINGH
DIRECTOR OF PHOTOGRAPHY (INDIA): INDERJIT BANSEL | (USA): AARON C SMITH
MUA: REGINA SCHIMER | COSTUME DESIGNER: SUNNY BINNING | PRODUCTION DESIGNER: ASHISH KAUSHAL
EDITOR: HARPER GAHUNIA | BACKGROUND SCORE: SHEZAN SHEIKH | MUSIC BY: ONKAR MINHAS | SAAJID SALAAM | DYA SINGH.
FIRST ASSIT. DIRECTOR: VICKEY KADAM | ASSIT. DIRECTOR: MALKIAT MEET | PUBLICITY DESIGNER: MILROY GOES
WRITTEN & DIRECTED BY KAVI RAZ
Distribution Partner
RELEASING WORLDWIDE IN CINEMAS
3RD NOVEMBER 2023


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017